ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH

ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2572 | 1 September, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

## ਐੱਸਸੀਓ ਸਿਖਰ ਸੰਮੇਲਨ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਰੂਸ ਦੇ ਰਾਸ਼ਟਰਪਤੀ ਪੁਤਿਨ ਨਾਲ ਕੀਤੀ ਮੁਲਾਕਾਤ

ਬਿਸ਼ਕੇਕ
ਸਾਂਝੀ ਸੋਚ ਬਿਊਰੋ

ਪ੍ਰਧਾਨ ਮੰਤਰੀ ਮੋਦੀ ਅਤੇ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੀ ਕਿਰਗਿਸਤਾਨ ਦੀ ਰਾਜਧਾਨੀ ਬਿਸ਼ਕੇਕ ਵਿੱਚ ਐੱਸਸੀਓ ਸਿਖਰ ਸੰਮੇਲਨ ਦੌਰਾਨ ਮੁਲਾਕਾਤ ਹੋਈ। ਇਹ ਬੈਠਕ ਲਗਭਗ 10 ਮਿੰਟ ਚੱਲੀ। ਦੋਵਾਂ ਨੇਤਾਵਾਂ ਨੇ ਇੱਕ-ਦੂਜੇ ਨੂੰ ਜੱਫੀ ਪਾਈ।

ਦੋਵਾਂ ਦੇਸ਼ਾਂ ਦੀ ਦੁਵੱਲੀ ਬੈਠਕ ਵਿੱਚ ਯੂਕ੍ਰੇਨ ਜੰਗ ਸਮੇਤ ਗਲੋਬਲ ਹਾਲਾਤ ਅਤੇ ਭਾਰਤ-ਰੂਸ ਸਬੰਧਾਂ 'ਤੇ ਚਰਚਾ ਹੋਈ। ਮੋਦੀ ਨੇ ਪੁਤਿਨ ਨੂੰ ਕਿਹਾ ਦੁਨੀਆ ਨੂੰ ਕਦੇ ਨਾ ਖ਼ਤਮ ਹੋਣ ਵਾਲੀਆਂ ਜੰਗਾਂ ਤੋਂ ਅੱਗੇ ਵਧ ਕੇ ਉਨ੍ਹਾਂ ਨੂੰ ਖ਼ਤਮ ਕਰਨ ਦੀ ਦਿਸ਼ਾ ਵਿੱਚ ਯਤਨ ਕਰਨੇ ਚਾਹੀਦੇ ਹਨ। ਭਾਰਤ ਵੀ ਅਮਨ-ਸ਼ਾਂਤੀ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਸਾਰੇ ਯਤਨਾਂ ਦਾ ਸਮਰਥਨ ਕਰਦਾ ਹੈ। ਪੁਤਿਨ ਨਾਲ ਮੁਲਾਕਾਤ ਦੌਰਾਨ ਮੋਦੀ ਨੇ ਉਨ੍ਹਾਂ ਨੂੰ ਸਤੰਬਰ ਵਿੱਚ ਹੋਣ ਵਾਲੇ ਬ੍ਰਿਕਸ ਸਿਖਰ ਸੰਮੇਲਨ ਵਿੱਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ। ਇਸ ਤੋਂ ਬਾਅਦ ਦੋਵੇਂ ਨੇਤਾ ਇੱਕ ਹੀ ਗੱਡੀ ਵਿੱਚ ਬੈਠ ਕੇ 6ਵੇਂ ਵਰਲਡ ਨੋਮੈਡ ਗੇਮਜ਼ ਦੇ ਉਦਘਾਟਨ ਵਿੱਚ ਪਹੁੰਚੇ। ਇਸ ਤੋਂ ਪਹਿਲਾਂ ਮੋਦੀ ਨੇ ਈਰਾਨ ਦੇ ਰਾਸ਼ਟਰਪਤੀ ਮਸੂਦ ਪਜ਼ੇਸ਼ਕੀਆਨ ਸਮੇਤ ਕਈ ਦੇਸ਼ਾਂ ਦੇ ਨੇਤਾਵਾਂ ਨਾਲ ਦੁਵੱਲੀ ਮੁਲਾਕਾਤ ਕੀਤੀ। ਬਿਸ਼ਕੇਕ ਵਿੱਚ ਹੋ ਰਹੇ ਐੱਸਸੀਓ ਸਿਖਰ ਸੰਮੇਲਨ ਵਿੱਚ ਭਾਰਤ, ਚੀਨ, ਰੂਸ, ਪਾਕਿਸਤਾਨ ਅਤੇ ਈਰਾਨ ਸਮੇਤ 10 ਮੈਂਬਰ ਦੇਸ਼ਾਂ ਦੇ ਨੇਤਾ ਸ਼ਾਮਲ ਹੋ ਰਹੇ ਹਨ।




## ਮਹੀਨੇ ਦੇ ਪਹਿਲੇ ਦਿਨ ਹੀ ਝਟਕਾ ਮਹਿੰਗਾ ਹੋਇਆ ਐਲਪੀਜੀ ਸਿਲੰਡਰ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਐਲਪੀਜੀ ਖਪਤਕਾਰਾਂ ਨੂੰ ਮਹਿੰਗਾਈ ਦਾ ਝਟਕਾ ਲੱਗਾ ਹੈ। ਤੇਲ ਮਾਰਕੀਟਿੰਗ ਕੰਪਨੀਆਂ ਨੇ 19 ਕਿਲੋਗ੍ਰਾਮ ਵਾਲੇ ਕਮਰਸ਼ੀਅਲ ਐਲਪੀਜੀ ਸਿਲੰਡਰ ਦੀਆਂ ਕੀਮਤਾਂ ਵਿਚ ਵਾਧਾ ਕਰ ਦਿੱਤਾ ਹੈ। ਹੁਣ ਕਮਰਸ਼ੀਅਲ ਸਿਲੰਡਰ ਲਈ ਤੁਹਾਨੂੰ 9.50 ਪ੍ਰਤੀ ਸਿਲੰਡਰ ਵੱਧ ਦੇਣੇ ਪੈਣਗੇ। 5 ਕਿਲੋਗ੍ਰਾਮ ਵਾਲੇ ਗੈਰ-ਘਰੇਲੂ ਸਿਲੰਡਰ ਦਾ ਰੇਟ ਵੀ ਦੋ ਰੁਪਏ ਵਧਾ ਕੇ 762 ਤੋਂ 764 ਕਰ ਦਿੱਤਾ ਗਿਆ ਹੈ। ਆਮ 5 ਕਿਲੋਗ੍ਰਾਮ ਵਾਲੇ ਐਲਪੀਜੀ ਸਿਲੰਡਰ ਅਤੇ ਐਕਸਟਰਾਲਾਈਟ ਦਾ ਰੇਟ ਵੀ ਸਥਿਰ ਹੈ। ਕਮਰਸ਼ੀਅਲ ਸਿਲੰਡਰ ਦੀ ਵਰਤੋਂ ਰੈਸਟੋਰੈਂਟਾਂ, ਹੋਟਲਾਂ ਅਤੇ ਵਪਾਰਕ ਅਦਾਰਿਆਂ ਵਿਚ ਹੁੰਦੀ ਹੈ। ਰਾਹਤ ਦੀ ਗੱਲ ਇਹ ਹੈ ਕਿ ਘਰੇਲੂ ਸਿਲੰਡਰ ਦੇ ਰੇਟ ਵਿਚ ਕੋਈ ਬਦਲਾਅ ਨਹੀਂ ਹੋਇਆ ਹੈ।

ਇੰਡੀਅਨ ਆਇਲ ਵੱਲੋਂ ਜਾਰੀ ਤਾਜ਼ਾ ਨਵੇਂ ਰੇਟਾਂ ਅਨੁਸਾਰ, ਦਿੱਲੀ ਵਿਚ ਕਮਰਸ਼ੀਅਲ ਸਿਲੰਡਰ ਦੀ ਕੀਮਤ ਵਿਚ 9.50 ਦਾ ਵਾਧਾ ਹੋਇਆ ਹੈ, ਜਿਸ ਤੋਂ ਬਾਅਦ ਇਸਦਾ ਭਾਅ 2,738.00 ਤੋਂ ਵਧ ਕੇ 2,747.50 ਹੋ ਗਿਆ ਹੈ। ਚੇਨਈ ਵਿਚ ਵੀ ਕਮਰਸ਼ੀਅਲ ਸਿਲੰਡਰ ਦੇ ਭਾਅ ਵਧ ਗਏ ਹਨ। ਮੁੰਬਈ ਵਿਚ ਪਹਿਲਾਂ ਕਮਰਸ਼ੀਅਲ ਸਿਲੰਡਰ ਦੀ ਕੀਮਤ 2,691.50 ਸੀ, ਜੋ ਹੁਣ ਵਧ ਕੇ 2,701 ਹੋ ਗਈ ਹੈ। ਚੇਨਈ ਵਿਚ ਹੁਣ ਇਹ ਸਿਲੰਡਰ 2,906.00 ਦੇ ਮੁਕਾਬਲੇ 2,916.50 ਨੂੰ ਮਿਲੇਗਾ। ਇੱਥੇ 10.50 ਦਾ ਵਾਧਾ ਹੋਇਆ ਹੈ। ਗੁਰੁਗਰਾਮ, ਨੋਇਡਾ, ਲਖਨਊ ਅਤੇ ਪਟਨਾ ਵਿਚ ਐਲਪੀਜੀ ਸਿਲੰਡਰ ਦੀਆਂ ਕੀਮਤਾਂ ਵਿਚ ਬਦਲਾਅ ਦੇਖਣ ਨੂੰ ਮਿਲਿਆ ਹੈ। ਗੁਰੁਗਰਾਮ ਵਿਚ 19 ਕਿਲੋ ਵਾਲਾ ਕਮਰਸ਼ੀਅਲ ਸਿਲੰਡਰ ਹੁਣ 2,764 ਵਿਚ ਮਿਲੇਗਾ। ਘਰੇਲੂ 14.2 ਕਿਲੋ ਵਾਲਾ ਸਿਲੰਡਰ ਪੁਰਾਣੇ ਰੇਟ ਯਾਨੀ 951 ਵਿਚ ਹੀ ਮਿਲੇਗਾ। ਨੋਇਡਾ ਵਿਚ 19 ਕਿਲੋ ਦੇ ਐਲਪੀਜੀ ਸਿਲੰਡਰ ਦੀ ਕੀਮਤ 2,747.50 ਅਤੇ 14.2 ਕਿਲੋ ਦੇ ਘਰੇਲੂ ਸਿਲੰਡਰ ਦੀ ਕੀਮਤ 939.50 ਹੈ। ਲਖਨਊ ਵਿਚ 19 ਕਿਲੋ ਦੇ ਐਲਪੀਜੀ ਸਿਲੰਡਰ ਦੀ ਕੀਮਤ ਹੁਣ 2,870 ਰੁਪਏ ਹੋ ਗਈ ਹੈ। ਪਟਨਾ ਵਿਚ ਕਮਰਸ਼ੀਅਲ ਐਲਪੀਜੀ ਸਿਲੰਡਰ ਦਾ ਰੇਟ ਹੁਣ ਵਧ ਕੇ 3,044 ਹੋ ਗਿਆ ਹੈ। 1 ਅਗਸਤ ਨੂੰ 19 ਕਿਲੋ ਵਾਲੇ ਕਮਰਸ਼ੀਅਲ ਐਲਪੀਜੀ ਸਿਲੰਡਰ ਦੀਆਂ ਕੀਮਤਾਂ ਵਿਚ 200 ਰੁਪਏ ਤੋਂ ਵੱਧ ਦੀ ਕਟੌਤੀ ਕੀਤੀ ਗਈ ਸੀ। ਕੋਲਕਾਤਾ ਵਿਚ 19 ਕਿਲੋ ਵਾਲੇ ਕਮਰਸ਼ੀਅਲ ਐਲਪੀਜੀ ਸਿਲੰਡਰ ਦੀ ਕੀਮਤ 209 ਰੁਪਏ ਘਟਾਈ ਗਈ ਸੀ। ਜਦੋਂ ਕਿ, ਦਿੱਲੀ ਵਿਚ ਇਸਦੀ ਕੀਮਤ 202 ਰੁਪਏ ਘੱਟ ਹੋਈ ਸੀ। ਕਟੌਤੀ ਤੋਂ ਬਾਅਦ ਕੋਲਕਾਤਾ ਵਿਚ 19 ਕਿਲੋ ਦਾ ਕਮਰਸ਼ੀਅਲ ਸਿਲੰਡਰ 2,872.50 ਅਤੇ ਦਿੱਲੀ ਵਿਚ 2,728 ਦਾ ਹੋ ਗਿਆ ਸੀ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

**LOVEPREET KAUR**
NMLS #1473924
Office: 209-900-1994
209-497-4588
lkaur@lendingassets.com


24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY




Apply online at www.lendingassets.com and check out the live lowest rates on our website

ONLY WAY TO GROW YOUR BUSINESS FASTER

# BNG
(Business Network Gateway)

We work for you to
**Boost Your Business**

VIDEO ADVERTISEMENTS
We make professional video advertisements for your business in Punjabi, Hindi & English




POSTERS DESIGN
We design flyers, Posters and Post Cards to promote your business



BUSINESS CARD DESIGN
WE DESIGN YOUR BUSINESS CARD



SOCIAL MEDIA HANDLERS
We can manage your Business social media handlers Facebook, instagram & YouTube



24/7 TECH SUPPORT
We provide 24/7 tech support



For more information call
Boota Singh Basi +1 (209) 303-1260

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
**BOOTA SINGH BASI**

SUB EDITOR (CHICAGO, IL OFFICE)
**LOVJYOT VIRDI**

GENERAL MANAGER
**RAVINDER SINGH DHILLON**

RESIDENT EDITOR (INDIA)
**DR. RAJINDER RIKHI**

**DISCLAIMER**

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

**SANJHI SOCH**

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਬਾਲ ਵਿਗਿਆਨ ਕਾਂਗਰਸ ਨੰਨ੍ਹੇ ਵਿਗਿਆਨੀਆਂ ਦਾ ਮੇਲਾ

ਰਾਸ਼ਟਰੀ ਬਾਲ ਵਿਗਿਆਨ ਕਾਂਗਰਸ ਭਾਰਤ ਸਰਕਾਰ ਦੇ ਵਿਗਿਆਨ ਅਤੇ ਤਕਨਾਲੋਜੀ ਵਿਭਾਗ ਦਾ ਇੱਕ ਪ੍ਰਮੁੱਖ ਅਤੇ ਮਹੱਤਵਪੂਰਨ ਰਾਸ਼ਟਰੀ ਫਲੈਗਸ਼ਿਪ ਪ੍ਰੋਗਰਾਮ ਹੈ। ਇਸ ਪ੍ਰੋਗਰਾਮ ਦਾ ਮੁੱਖ ਮਨੋਰਥ 10 ਤੋਂ 17 ਸਾਲ ਤੱਕ ਦੇ ਬੱਚਿਆਂ ਵਿੱਚ ਵਿਗਿਆਨਕ ਸੋਚ ਦਾ ਵਿਕਾਸ , ਖੋਜ ਦੀ ਪ੍ਰਵਿਰਤੀ, ਸਿਰਜਣਾਤਮਕਤਾ ਅਤੇ ਰਚਨਾਤਮਕਤਾ ਦਾ ਸੰਚਾਰ ਕਰਨਾ ਹੈ। ਇਹ ਭਾਰਤ ਦੇ ਕੋਨੇ-ਕੋਨੇ ਵਿੱਚੋਂ ਭਵਿੱਖ ਦੇ ਵਿਗਿਆਨੀਆਂ ਦੀ ਤਲਾਸ਼ ਕਰਨ ਅਤੇ ਉਨ੍ਹਾਂ ਦੀ ਸੋਚ ਨੂੰ ਨਵੀਂ ਉਚਾਈ ਦੇਣ ਵਾਲਾ ਇੱਕ ਇਤਿਹਾਸਕ ਅਤੇ ਬੇਹੱਦ ਪ੍ਰਭਾਵਸ਼ਾਲੀ ਮੰਚ ਹੈ। ਇਹ ਕੇਵਲ ਇੱਕ ਅਕਾਦਮਿਕ ਮੁਕਾਬਲਾ ਨਹੀਂ ਹੈ, ਸਗੋਂ ਬੱਚਿਆਂ ਲਈ ਇੱਕ ਅਜਿਹਾ ਵਿਸ਼ਾਲ ਮੰਚ ਹੈ ਜਿੱਥੇ ਉਹ ਆਪਣੇ ਆਲੇ-ਦੁਆਲੇ ਦੀਆਂ ਸਮਾਜਿਕ ਅਤੇ ਵਾਤਾਵਰਣਕ ਸਮੱਸਿਆਵਾਂ ਨੂੰ ਪਛਾਣਦੇ ਹਨ ਅਤੇ ਵਿਗਿਆਨ ਦੀਆਂ ਵਿਧੀਆਂ ਦੀ ਵਰਤੋਂ ਕਰਕੇ ਉਨ੍ਹਾਂ ਦੇ ਵਿਅਕਤੀਗਤ ਅਤੇ ਵਿਹਾਰਕ ਹੱਲ ਲੱਭਦੇ ਹਨ।

ਪੰਜਾਬ ਵਿੱਚ ਇਸ ਕਾਰਜ ਨੂੰ ਨੇਪਰੇ ਚਾੜਨ ਦੀ ਜ਼ਿੰਮੇਵਾਰੀ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਨਿਭਾਈ ਜਾਂਦੀ ਹੈ, ਜੋ ਹਰ ਸਾਲ ਹਜ਼ਾਰਾਂ ਪੰਜਾਬੀ ਬੱਚਿਆਂ ਨੂੰ ਵਿਗਿਆਨ ਦੀਆਂ ਆਧੁਨਿਕ ਤਕਨੀਕਾਂ, ਖੋਜ ਵਿਧੀਆਂ ਅਤੇ ਪ੍ਰਯੋਗਾਂ ਨਾਲ ਜੋੜਦੀ ਹੈ ਅਤੇ ਜ਼ਮੀਨੀ ਪੱਧਰ 'ਤੇ ਜਾ ਕੇ ਅਸਲੀ ਖੋਜ ਕਰਨ ਅਤੇ ਸਮਾਜ ਦੇ ਕਲਿਆਣ ਲਈ ਨਵੇਂ ਅਤੇ ਨਵੀਨਤਾਕਾਰੀ ਵਿਚਾਰ ਪੇਸ਼ ਕਰਨ ਲਈ ਪ੍ਰੇਰਿਤ ਕਰਦੀ ਹੈ ।ਇਹ ਮੰਚ ਬੱਚਿਆਂ ਨੂੰ ਸਿਰਫ਼ ਕਿਤਾਬੀ ਕੀੜਾ ਬਣਨ ਜਾਂ ਜਮਾਤਾਂ ਵਿੱਚ ਰਟਾ ਲਗਾਉਣ ਦੀ ਬਜਾਏ ਇੱਕ ਅਜਿਹਾ ਢਾਂਚਾ ਪ੍ਰਦਾਨ ਕਰਦਾ ਹੈ ਜਿੱਥੇ ਉਹ ਆਪਣੇ ਵਿਚਾਰਾਂ ਨੂੰ ਪ੍ਰਯੋਗਾਂ ਦੀ ਕਸੌਟੀ 'ਤੇ ਪਰਖ ਸਕਦੇ ਹਨ।

ਬਾਲ ਵਿਗਿਆਨ ਕਾਂਗਰਸ ਦਾ ਇਤਿਹਾਸ ਬਹੁਤ ਹੀ ਦਿਲਚਸਪ, ਪਰਤ-ਦਰ-ਪਰਤ ਫੈਲਿਆ ਹੋਇਆ ਅਤੇ ਪ੍ਰੇਰਨਾਦਾਇਕ ਹੈ ਕਿਉਂਕਿ ਇਸ ਦੀ ਸ਼ੁਰੂਆਤ ਭਾਰਤ ਵਿੱਚ ਵਿਗਿਆਨ ਪ੍ਰਸਾਰ ਦੇ ਇੱਕ ਬਹੁਤ ਵੱਡੇ ਅੰਦੋਲਨ ਵਿੱਚੋਂ ਹੋਈ ਸੀ। ਬਾਲ ਵਿਗਿਆਨ ਕਾਂਗਰਸ ਦਾ ਵਿਚਾਰ ਸਭ ਤੋਂ ਪਹਿਲਾਂ ਮੱਧ ਪ੍ਰਦੇਸ਼ ਦੀ ਇੱਕ ਗੈਰ-ਸਰਕਾਰੀ ਸੰਸਥਾ 'ਗਵਾਲੀਅਰ ਸਾਇੰਸ ਸੈਂਟਰ' ਦੁਆਰਾ ਲਿਆਂਦਾ ਗਿਆ ਸੀ। ਉਨ੍ਹਾਂ ਨੇ ਸਥਾਨਕ ਪੱਧਰ 'ਤੇ ਬੱਚਿਆਂ ਤੋਂ ਛੋਟੀਆਂ-ਛੋਟੀਆਂ ਖੋਜਾਂ ਕਰਵਾਉਣ ਦਾ ਤਜਰਬਾ ਕੀਤਾ।1980 ਅਤੇ 1990 ਦੇ ਦਹਾਕੇ ਦੌਰਾਨ ਭਾਰਤ ਵਿੱਚ 'ਭਾਰਤ ਜਨ ਵਿਗਿਆਨ ਜਥਾ' (1987) ਅਤੇ 'ਭਾਰਤ ਜਨ ਗਿਆਨ ਵਿਗਿਆਨ ਜਥਾ' (1992) ਵਰਗੀਆਂ ਵੱਡੀਆਂ ਮੁਹਿੰਮਾਂ ਚੱਲੀਆਂ। ਇਹ ਅੰਦੋਲਨ ਆਮ ਲੋਕਾਂ ਵਿੱਚ ਵਿਗਿਆਨਕ ਜਾਗਰੂਕਤਾ ਲਈ ਸਨ। ਇਸ ਤੋਂ ਬਾਅਦ ਇਹ ਮਹਿਸੂਸ ਕੀਤਾ ਗਿਆ ਕਿ ਅਜਿਹੀ ਵਿਗਿਆਨਕ ਜਾਗਰੂਕਤਾ ਨੂੰ ਬੱਚਿਆਂ ਲਈ ਵੀ ਇੱਕ ਸਥਾਈ ਪ੍ਰੋਗਰਾਮ ਦਾ ਰੂਪ ਦਿੱਤਾ ਜਾਣਾ ਚਾਹੀਦਾ ਹੈ। ਗਵਾਲੀਅਰ ਦੇ ਤਜਰਬੇ ਦੀ ਸਫਲਤਾ ਨੂੰ ਦੇਖਦੇ ਹੋਏ ਭਾਰਤ ਸਰਕਾਰ ਦੇ ਵਿਗਿਆਨ ਅਤੇ ਤਕਨਾਲੋਜੀ ਵਿਭਾਗ (ਧਸ਼ਠ) ਦੀ 'ਰਾਸ਼ਟਰੀ ਵਿਗਿਆਨ ਅਤੇ ਤਕਨਾਲੋਜੀ ਸੰਚਾਰ ਪ੍ਰੀਸ਼ਦ' ਨੇ ਇਸ ਨੂੰ ਅਪਣਾਇਆ।ਸਾਲ 1993 ਵਿੱਚ ਪਹਿਲੀ ਵਾਰ ਰਸਮੀ ਤੌਰ 'ਤੇ 'ਰਾਸ਼ਟਰੀ ਬਾਲ ਵਿਗਿਆਨ ਕਾਂਗਰਸ' ਦਾ ਆਯੋਜਨ ਪੂਰੇ ਭਾਰਤ ਪੱਧਰ 'ਤੇ ਕੀਤਾ ਗਿਆ। ਇਸ ਨੂੰ ਪੂਰੇ ਦੇਸ਼ ਵਿੱਚ ਲਾਗੂ ਕਰਨ ਲਈ ਵੱਖ-ਵੱਖ ਰਾਜਾਂ ਦੀਆਂ ਗੈਰ-ਸਰਕਾਰੀ ਸੰਸਥਾਵਾਂ ਅਤੇ ਵਿਗਿਆਨਕ ਅਦਾਰਿਆਂ ਨੂੰ ਜੋੜ ਕੇ 'ਵਿਗਿਆਨ ਅਤੇ ਤਕਨਾਲੋਜੀ ਸੰਚਾਰ ਲਈ ਸੰਗਠਨਾਂ ਦਾ ਨੈੱਟਵਰਕ' ਬਣਾਇਆ ਗਿਆ।ਪੰਜਾਬ ਵਿੱਚ ਇਸ ਪ੍ਰੋਗਰਾਮ ਨੂੰ 'ਪੰਜਾਬ ਸਟੇਟ ਕੌਂਸਲ ਫੌਰ ਸਾਇੰਸ ਐਂਡ ਟੈਕਨਾਲੋਜੀ' ਅਤੇ ਸਕੂਲ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਚਲਾਇਆ ਜਾਂਦਾ ਹੈ।ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਵਿੱਚੋਂ ਸਰਕਾਰੀ ਅਤੇ ਨਿੱਜੀ ਸਕੂਲਾਂ ਦੇ ਬੱਚੇ ਜ਼ਿਲ੍ਹਾ ਪੱਧਰੀ ਪ੍ਰਤੀਯੋਗਤਾ ਵਿੱਚ ਭਾਗ ਲੈਂਦੇ ਹਨ। ਚੁਣੇ ਗਏ ਬਾਲ ਵਿਗਿਆਨੀ ਸਟੇਟ ਲੈਵਲ ਅਤੇ ਫਿਰ ਰਾਸ਼ਟਰੀ ਪੱਧਰ 'ਤੇ ਪੰਜਾਬ ਦੀ ਪ੍ਰਤੀਨਿਧਤਾ ਕਰਦੇ ਹਨ।ਭਾਰਤ ਦੇ ਮਹਾਨ, ਦੂਰਦਰਸ਼ੀ ਅਤੇ ਹਰਮਨਪਿਆਰੇ ਵਿਗਿਆਨੀ ਪ੍ਰੋਫ਼ੈਸਰ ਯਸ਼ਪਾਲ ਵਰਗੀਆਂ ਮਹਾਨ ਸ਼ਖਸੀਅਤਾਂ ਨੇ ਇਸ ਅੰਦੋਲਨ ਨੂੰ ਸਹੀ ਦਿਸ਼ਾ ਦੇਣ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ, ਜਿਨ੍ਹਾਂ ਦਾ ਹਮੇਸ਼ਾ ਮੰਨਣਾ ਸੀ ਕਿ ਬੱਚਿਆਂ ਨੂੰ 'ਕਰਕੇ ਸਿੱਖਣ' ਦਾ ਪੂਰਾ ਮੌਕਾ ਮਿਲਣਾ ਚਾਹੀਦਾ ਹੈ ਤਾਂ ਜੋ ਉਹ ਕੁਦਰਤ ਅਤੇ ਵਿਗਿਆਨ ਨੂੰ ਨੇੜਿਓਂ ਸਮਝ ਸਕਣ।

ਪਿਛਲੇ ਤਿੰਨ ਦਹਾਕਿਆਂ ਤੋਂ ਵੱਧ ਦੇ ਲੰਬੇ ਅਤੇ ਸ਼ਾਨਦਾਰ ਸਫ਼ਰ ਵਿੱਚ, ਬਾਲ ਵਿਗਿਆਨ ਕਾਂਗਰਸ ਨੇ ਭਾਰਤ ਦੇ ਸਿੱਖਿਆ ਜਗਤ ਵਿੱਚ ਇੱਕ ਅਦਭੁਤ ਕ੍ਰਾਂਤੀ ਲਿਆਂਦੀ ਹੈ। ਸ਼ੁਰੂਆਤੀ ਸਾਲਾਂ ਵਿੱਚ ਇਸ ਵਿੱਚ ਕੁਝ ਸਕੂਲਾਂ ਅਤੇ ਚੋਣਵੇਂ ਬੱਚਿਆਂ ਨੇ ਹੀ ਹਿੱਸਾ ਲਿਆ ਸੀ, ਪਰ ਅੱਜ ਇਹ ਪ੍ਰੋਗਰਾਮ ਭਾਰਤ ਦੇ ਲਗਭਗ ਹਰ ਜ਼ਿਲ੍ਹੇ, ਕਸਬੇ ਅਤੇ ਹਜ਼ਾਰਾਂ ਦੂਰ-ਦਰਾਡੇ ਦੇ ਪਿੰਡਾਂ ਤੱਕ ਆਪਣੀ ਪਹੁੰਚ ਬਣਾ ਚੁੱਕਾ ਹੈ, ਜਿੱਥੇ ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਬੱਚੇ ਆਪਣੇ ਖੋਜ ਪੱਤਰ ਪੇਸ਼ ਕਰਦੇ ਹਨ। ਇਸ ਦੀ ਸਭ ਤੋਂ ਵੱਡੀ ਅਤੇ ਵਿਲੱਖਣ ਖ਼ਾਸੀਅਤ ਇਹ ਹੈ ਕਿ ਇਹ ਕੇਵਲ ਵੱਡੇ ਸ਼ਹਿਰਾਂ ਦੇ ਮਹਿੰਗੇ ਅਤੇ ਹਾਈ-ਟੈਕ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਤੱਕ ਹੀ ਸੀਮਤ ਨਹੀਂ ਹੈ, ਬਲਕਿ ਪਿੰਡਾਂ ਦੇ ਸਰਕਾਰੀ ਸਕੂਲਾਂ, ਝੁੱਗੀ-ਝੌਂਪੜੀਆਂ ਵਿੱਚ ਰਹਿਣ ਵਾਲੇ, ਆਰਥਿਕ ਤੌਰ 'ਤੇ ਕਮਜ਼ੋਰ ਅਤੇ ਸਕੂਲ ਨਾ ਜਾ ਸਕਣ ਵਾਲੇ ਬੱਚਿਆਂ ਨੂੰ ਵੀ ਆਪਣੀ ਪ੍ਰਤਿਭਾ ਦਿਖਾਉਣ ਦਾ ਬਰਾਬਰ ਦਾ ਮੌਕਾ ਪ੍ਰਦਾਨ ਕਰਦਾ ਹੈ।

ਇਤਿਹਾਸਕ ਤੌਰ 'ਤੇ, ਹਰ ਸਾਲ ਰਾਸ਼ਟਰੀ ਪੱਧਰ ਦੀ ਬਾਲ ਵਿਗਿਆਨ ਕਾਂਗਰਸ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਬਹੁਤ ਹੀ ਸ਼ਾਨੋ-ਸ਼ੌਕਤ ਨਾਲ ਆਯੋਜਿਤ ਕੀਤੀ ਜਾਂਦੀ ਹੈ, ਜਿੱਥੇ ਚੁਣੇ ਹੋਏ ਬਾਲ ਵਿਗਿਆਨੀਆਂ ਨੂੰ ਦੇਸ਼ ਦੇ ਪ੍ਰਧਾਨ ਮੰਤਰੀ, ਰਾਸ਼ਟਰਪਤੀ ਅਤੇ ਚੋਟੀ ਦੇ ਨੋਬਲ ਪੁਰਸਕਾਰ ਜੇਤੂ ਵਿਗਿਆਨੀਆਂ ਨਾਲ ਸਿੱਧੀ ਗੱਲਬਾਤ ਕਰਨ ਦਾ ਅਨਮੋਲ ਸੁਭਾਗ ਪ੍ਰਾਪਤ ਹੁੰਦਾ ਹੈ। ਇਸ ਤੋਂ ਇਲਾਵਾ, ਇੱਥੋਂ ਚੁਣੇ ਗਏ ਸਰਵੋਤਮ ਬਾਲ ਵਿਗਿਆਨੀਆਂ ਨੂੰ ਹਰ ਸਾਲ ਹੋਣ ਵਾਲੀ ਵੱਕਾਰੀ 'ਇੰਡੀਅਨ ਸਾਇੰਸ ਕਾਂਗਰਸ' ਵਿੱਚ ਵੀ ਆਪਣੇ ਪ੍ਰੋਜੈਕਟ ਪ੍ਰਦਰਸ਼ਿਤ ਕਰਨ ਲਈ ਵਿਸ਼ੇਸ਼ ਤੌਰ 'ਤੇ ਭੇਜਿਆ ਜਾਂਦਾ ਹੈ, ਜੋ ਇਨ੍ਹਾਂ ਬੱਚਿਆਂ ਦੇ ਭਵਿੱਖ ਲਈ ਇੱਕ ਵੱਡਾ ਮੀਲ ਪੱਥਰ ਸਾਬਤ ਹੁੰਦਾ ਹੈ।

ਰਾਸ਼ਟਰੀ ਬਾਲ ਵਿਗਿਆਨ ਕਾਂਗਰਸ ਦੇ ਮੁੱਖ ਉਦੇਸ਼ਾਂ ਅਤੇ ਕਾਰਜਪ੍ਰਣਾਲੀ ਦੀ ਗੱਲ ਕਰੀਏ ਤਾਂ ਇਸ ਦਾ ਸਭ ਤੋਂ ਵੱਡਾ ਮਕਸਦ ਬੱਚਿਆਂ ਅੰਦਰੋਂ ਪ੍ਰੀਖਿਆਵਾਂ ਦੇ ਬੋਝ ਅਤੇ ਡਰ ਨੂੰ ਖ਼ਤਮ ਕਰਕੇ ਉਨ੍ਹਾਂ ਨੂੰ ਅਸਲ ਜ਼ਿੰਦਗੀ ਦੇ ਖੋਜਕਰਤਾ ਬਣਾਉਣਾ ਹੈ। ਆਮ ਤੌਰ 'ਤੇ ਸਾਡੀ ਰਵਾਇਤੀ ਸਿੱਖਿਆ ਪ੍ਰਣਾਲੀ ਕਿਤਾਬਾਂ ਦੇ ਪੰਨਿਆਂ ਨੂੰ ਯਾਦ ਕਰਨ 'ਤੇ ਜ਼ੋਰ ਦਿੰਦੀ ਹੈ, ਪਰ ਬਾਲ ਵਿਗਿਆਨ ਕਾਂਗਰਸ ਬੱਚਿਆਂ ਨੂੰ ਇਹ ਪ੍ਰੈਕਟੀਕਲ ਪਾਠ ਸਿਖਾਉਂਦੀ ਹੈ ਕਿ ਵਿਗਿਆਨ ਪ੍ਰਯੋਗਸ਼ਾਲਾ ਦੀਆਂ ਚਾਰ ਦੀਵਾਰਾਂ ਅਤੇ ਪਰਖਨਲੀਆਂ ਤੋਂ ਬਾਹਰ ਸਾਡੇ ਰੋਜ਼ਾਨਾ ਜੀਵਨ, ਖੇਤਾਂ ਅਤੇ ਗਲੀਆਂ ਵਿੱਚ ਮੌਜੂਦ ਹੈ। ਇਸ ਪ੍ਰੋਗਰਾਮ ਤਹਿਤ ਬੱਚੇ ਦੋ-ਦੋ ਦੇ ਸਮੂਹਾਂ ਵਿੱਚ ਟੀਮ ਬਣਾ ਕੇ ਕੰਮ ਕਰਦੇ ਹਨ ਅਤੇ ਆਪਣੇ ਸਕੂਲ ਦੇ ਕਿਸੇ ਅਧਿਆਪਕ ਜਾਂ ਸਥਾਨਕ ਮਾਹਰ ਗਾਈਡ ਦੀ ਨਿਗਰਾਨੀ ਹੇਠ ਆਪਣਾ ਖੋਜ ਕਾਰਜ ਪੂਰਾ ਕਰਦੇ ਹਨ। ਵਿਦਿਆਰਥੀਆਂ ਨੂੰ ਆਪਣੇ ਪਿੰਡ, ਕਸਬੇ ਜਾਂ ਮੁਹੱਲੇ ਦੀ ਕਿਸੇ ਸਥਾਨਕ ਅਤੇ ਭਖਦੀ ਸਮੱਸਿਆ (ਜਿਵੇਂ ਕਿ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣਾ, ਭੂਮੀਗਤ ਪਾਣੀ ਦਾ ਡਿੱਗ ਰਿਹਾ ਪੱਧਰ, ਪਲਾਸਟਿਕ ਕੂੜੇ ਦਾ ਨਿਪਟਾਰਾ, ਜਾਂ ਸਥਾਨਕ ਪੱਧਰ 'ਤੇ ਫੈਲ ਰਹੀਆਂ ਬਿਮਾਰੀਆਂ) ਦੀ ਚੋਣ ਕਰਨੀ ਹੁੰਦੀ ਹੈ। ਫਿਰ ਉਹ ਲੋਕਾਂ ਦੇ ਘਰ-ਘਰ ਜਾ ਕੇ ਸਰਵੇਖਣ ਕਰਦੇ ਹਨ, ਅੰਕੜੇ (ਧਓਟਓ) ਇਕੱਠੇ ਕਰਦੇ ਹਨ, ਲੈਬਾਰਟਰੀ ਜਾਂ ਘਰੇਲੂ ਪੱਧਰ 'ਤੇ ਪ੍ਰਯੋਗ ਕਰਦੇ ਹਨ ਅਤੇ ਅੰਤ ਵਿੱਚ ਇੱਕ ਵਿਗਿਆਨਕ ਰਿਪੋਰਟ ਤਿਆਰ ਕਰਕੇ ਉਸ ਦਾ ਸਸਤਾ ਤੇ ਟਿਕਾਊ ਹੱਲ ਪੇਸ਼ ਕਰਦੇ ਹਨ। ਇਹ ਪੂਰੀ ਪ੍ਰਕਿਰਿਆ ਬੱਚਿਆਂ ਵਿੱਚ ਨਿਰੀਖਣ , ਤੁਲਨਾ , ਵਰਗੀਕਰਨ , ਅੰਕੜਾ ਵਿਸ਼ਲੇਸ਼ਣ ਅਤੇ ਆਲੋਚਨਾਤਮਕ ਸੋਚ ਵਰਗੇ ਮਹੱਤਵਪੂਰਨ ਹੁਨਰ ਵਿਕਸਿਤ ਕਰਦੀ ਹੈ, ਜੋ ਉਨ੍ਹਾਂ ਨੂੰ ਜੀਵਨ ਵਿੱਚ ਹਰ ਚੁਣੌਤੀ ਦਾ ਸਾਹਮਣਾ ਕਰਨ ਦੇ ਯੋਗ ਬਣਾਉਂਦੀ ਹੈ।

ਇਸ ਪ੍ਰਕਿਰਿਆ ਨੂੰ ਇੱਕ ਠੋਸ ਅਤੇ ਵਿਹਾਰਕ ਉਦਾਹਰਣ ਰਾਹੀਂ ਬਹੁਤ ਵਧੀਆ ਤਰੀਕੇ ਨਾਲ ਸਮਝਿਆ ਜਾ ਸਕਦਾ ਹੈ, ਜੋ ਪੰਜਾਬ ਦੇ ਹੀ ਇੱਕ ਪੇਂਡੂ ਸਰਕਾਰੀ ਸਕੂਲ ਦੇ ਦੋ ਵਿਦਿਆਰਥੀਆਂ ਨੇ ਦੇਖਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਝੋਨੇ ਦੀ ਕਟਾਈ ਤੋਂ ਬਾਅਦ ਹਰ ਸਾਲ ਪਰਾਲੀ ਨੂੰ ਅੱਗ ਲਗਾਈ ਜਾਂਦੀ ਸੀ, ਜਿਸ ਨਾਲ ਪੂਰਾ ਪਿੰਡ ਧੂੰਏਂ ਦੀ ਲਪੇਟ ਵਿੱਚ ਆ ਜਾਂਦਾ ਸੀ ਅਤੇ ਬਜ਼ੁਰਗਾਂ ਤੇ ਬੱਚਿਆਂ ਨੂੰ ਸਾਹ ਲੈਣ ਵਿੱਚ ਭਾਰੀ ਤਕਲੀਫ਼ ਹੁੰਦੀ ਸੀ। ਉਨ੍ਹਾਂ ਨੇ ਇਸ ਗੰਭੀਰ ਸਮੱਸਿਆ ਨੂੰ ਆਪਣੇ ਬਾਲ ਵਿਗਿਆਨ ਕਾਂਗਰਸ ਪ੍ਰੋਜੈਕਟ ਲਈ ਚੁਣਿਆ। ਉਨ੍ਹਾਂ ਨੇ ਸਭ ਤੋਂ ਪਹਿਲਾਂ ਆਪਣੇ ਪਿੰਡ ਦੇ 50 ਕਿਸਾਨਾਂ ਦੇ ਘਰ ਜਾ ਕੇ ਇੱਕ ਸਰਵੇਖਣ ਫਾਰਮ ਭਰਿਆ, ਜਿਸ ਰਾਹੀਂ ਉਨ੍ਹਾਂ ਨੂੰ ਪਤਾ ਲੱਗਾ ਕਿ ਕਿਸਾਨ ਮਸ਼ੀਨਰੀ ਦੀ ਘਾਟ ਅਤੇ ਉੱਚੀ ਲਾਗਤ ਕਾਰਨ ਮਜਬੂਰਨ ਪਰਾਲੀ ਨੂੰ ਅੱਗ ਲਗਾਉਂਦੇ ਹਨ। ਇਸ ਤੋਂ ਬਾਅਦ, ਉਨ੍ਹਾਂ ਨੇ ਆਪਣੇ ਵਿਗਿਆਨ ਅਧਿਆਪਕ ਦੀ ਮਦਦ ਨਾਲ ਸਕੂਲ ਦੀ ਲੈਬ ਵਿੱਚ ਪ੍ਰਯੋਗ ਸ਼ੁਰੂ ਕੀਤੇ। ਉਨ੍ਹਾਂ ਨੇ ਪਰਾਲੀ ਦੇ ਰੇਸ਼ਿਆਂ ਨੂੰ ਇਕੱਠਾ ਕੀਤਾ, ਉਸ ਵਿੱਚ ਗਾਂ ਦਾ ਗੋਬਰ, ਕੁਦਰਤੀ ਗੂੰਦ ਅਤੇ ਮੱਕੀ ਦਾ ਸਟਾਰਚ ਮਿਲਾਇਆ, ਅਤੇ ਇਸ ਮਿਸ਼ਰਣ ਨੂੰ ਵੱਖ-ਵੱਖ ਸਾਂਚਿਆਂ ਵਿੱਚ ਪਾ ਕੇ ਉੱਚੇ ਤਾਪਮਾਨ 'ਤੇ ਸੁਕਾਇਆ। ਕਈ ਅਸਫ਼ਲ ਕੋਸ਼ਿਸ਼ਾਂ ਤੋਂ ਬਾਅਦ, ਉਹ ਅਖੀਰ ਇੱਕ ਬਹੁਤ ਹੀ ਮਜ਼ਬੂਤ, ਹਲਕੀ ਅਤੇ ਵਾਤਾਵਰਣ-ਪੱਖੀ ਬਾਇਓ-ਡੀਗ੍ਰੇਡੇਬਲ ਪੈਕਿੰਗ ਟ੍ਰੇ ਬਣਾਉਣ ਵਿੱਚ ਸਫ਼ਲ ਹੋ ਗਏ, ਜਿਸ ਦੀ ਵਰਤੋਂ ਅੰਡੇ, ਫਲ ਅਤੇ ਇਲੈਕਟ੍ਰਾਨਿਕ ਸਾਮਾਨ ਦੀ ਪੈਕਿੰਗ ਲਈ ਕੀਤੀ ਜਾ ਸਕਦੀ ਸੀ। ਉਨ੍ਹਾਂ ਦੇ ਇਸ ਪ੍ਰੋਜੈਕਟ ਨੇ ਨਾ ਸਿਰਫ਼ ਪਰਾਲੀ ਨੂੰ ਅੱਗ ਲਗਾਉਣ ਦੀ ਸਮੱਸਿਆ ਦਾ ਹੱਲ ਪੇਸ਼ ਕੀਤਾ, ਸਗੋਂ ਪਲਾਸਟਿਕ ਅਤੇ ਥਰਮੋਕੋਲ ਦਾ ਇੱਕ ਸਸਤਾ ਅਤੇ ਟਿਕਾਊ ਬਦਲ ਵੀ ਦੁਨੀਆ ਦੇ ਸਾਹਮਣੇ ਰੱਖਿਆ। ਜਦੋਂ ਇਹ ਪ੍ਰੋਜੈਕਟ ਜ਼ਿਲ੍ਹਾ ਪੱਧਰ ਤੋਂ ਹੁੰਦਾ ਹੋਇਆ ਰਾਜ ਪੱਧਰ 'ਤੇ ਪਹੁੰਚਿਆ, ਤਾਂ ਇਸ ਨੂੰ ਸਭ ਤੋਂ ਉੱਤਮ ਨਵੀਨਤਾਕਾਰੀ ਪ੍ਰੋਜੈਕਟ ਵਜੋਂ ਸਨਮਾਨਿਤ ਕੀਤਾ ਗਿਆ। ਇਹ ਉਦਾਹਰਣ ਸਿੱਧ ਕਰਦੀ ਹੈ ਕਿ ਬਾਲ ਵਿਗਿਆਨ ਕਾਂਗਰਸ ਬੱਚਿਆਂ ਨੂੰ ਸਮਾਜਿਕ ਸਮੱਸਿਆਵਾਂ ਦੇ ਪ੍ਰੈਕਟੀਕਲ ਹੱਲ ਲੱਭਣ ਲਈ ਕਿਸ ਤਰ੍ਹਾਂ ਤਿਆਰ ਕਰਦੀ ਹੈ।

ਰਾਸ਼ਟਰੀ ਬਾਲ ਵਿਗਿਆਨ ਕਾਂਗਰਸ ਦੀ ਕਾਰਜਪ੍ਰਣਾਲੀ ਬਹੁਤ ਹੀ ਵਿਵਸਥਿਤ, ਵਿਗਿਆਨਕ ਅਤੇ ਪਾਰਦਰਸ਼ੀ ਹੈ, ਜੋ ਕਿ ਮੁੱਖ ਤੌਰ 'ਤੇ ਤਿੰਨ ਵੱਡੇ ਪੜਾਵਾਂ ਜ਼ਿਲ੍ਹਾ ਪੱਧਰ, ਰਾਜ ਪੱਧਰ ਅਤੇ ਰਾਸ਼ਟਰੀ ਪੱਧਰ 'ਤੇ ਕੰਮ ਕਰਦੀ ਹੈ। ਸਭ ਤੋਂ ਪਹਿਲਾਂ ਸਕੂਲ ਪੱਧਰ 'ਤੇ ਬੱਚੇ ਆਪਣੇ ਗਾਈਡ ਅਧਿਆਪਕਾਂ ਦੀ ਮਦਦ ਨਾਲ ਕਈ ਮਹੀਨਿਆਂ ਦੀ ਮਿਹਨਤ ਤੋਂ ਬਾਅਦ ਆਪਣੇ ਪ੍ਰੋਜੈਕਟ ਅਤੇ ਹੋਰ ਸਮੱਗਰੀ ਨੂੰ ਤਿਆਰ ਕਰਦੇ ਹਨ, ਜਿਨ੍ਹਾਂ ਨੂੰ ਮੁਕਾਬਲੇ ਦੀ ਸਹੂਲਤ ਲਈ ਦੋ ਮੁੱਖ ਉਮਰ ਵਰਗਾਂ ਵਿੱਚ ਵੰਡਿਆ ਜਾਂਦਾ ਹੈ: ਜੂਨੀਅਰ ਵਰਗ (10 ਤੋਂ 14 ਸਾਲ ਤੱਕ ਦੇ ਵਿਦਿਆਰਥੀ) ਅਤੇ ਸੀਨੀਅਰ ਵਰਗ (14 ਤੋਂ 17 ਸਾਲ ਤੱਕ ਦੇ ਵਿਦਿਆਰਥੀ)। ਇਸ ਤੋਂ ਬਾਅਦ ਸਭ ਤੋਂ ਪਹਿਲਾਂ ਜ਼ਿਲ੍ਹਾ ਪੱਧਰੀ ਮੁਕਾਬਲੇ ਆਯੋਜਿਤ ਹੁੰਦੇ ਹਨ ਜਿੱਥੇ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਮਾਹਰ ਪ੍ਰੋਫੈਸਰਾਂ ਅਤੇ ਵਿਗਿਆਨੀਆਂ ਵੱਲੋਂ ਬਤੌਰ ਜੱਜ ਬੱਚਿਆਂ ਦੇ ਪ੍ਰੋਜੈਕਟਾਂ, ਉਨ੍ਹਾਂ ਦੀਆਂ ਲੌਗ-ਬੁੱਕਾਂ ਅਤੇ ਚਾਰਟਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਜਾਂਦੀ ਹੈ। ਜ਼ਿਲ੍ਹਾ ਪੱਧਰ 'ਤੇ ਚੁਣੇ ਗਏ ਸਰਵੋਤਮ ਅਤੇ ਸਭ ਤੋਂ ਪ੍ਰਭਾਵਸ਼ਾਲੀ ਪ੍ਰੋਜੈਕਟਾਂ ਨੂੰ ਰਾਜ ਪੱਧਰੀ ਮੁਕਾਬਲੇ ਵਿੱਚ ਭਾਗ ਲੈਣ ਦਾ ਮੌਕਾ ਮਿਲਦਾ ਹੈ। ਪੰਜਾਬ ਵਿੱਚ, ਇਹ ਰਾਜ ਪੱਧਰੀ ਸਮਾਗਮ ਬਹੁਤ ਵੱਡੇ ਪੱਧਰ 'ਤੇ ਵੱਖ-ਵੱਖ ਪ੍ਰਸਿੱਧ ਯੂਨੀਵਰਸਿਟੀਆਂ ਜਾਂ ਵਿਗਿਆਨਕ ਸੰਸਥਾਵਾਂ ਵਿੱਚ ਕਰਵਾਏ ਜਾਂਦੇ ਹਨ, ਜਿਵੇਂ ਕਿ ਹਾਲ ਹੀ ਵਿੱਚ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਰਾਜ ਪੱਧਰੀ ਓਰੀਐਂਟੇਸ਼ਨ ਵਰਕਸ਼ਾਪਾਂ ਦਾ ਬਹੁਤ ਹੀ ਸਫ਼ਲ ਅਤੇ ਪ੍ਰਭਾਵਸ਼ਾਲੀ ਆਯੋਜਨ ਕੀਤਾ ਗਿਆ, ਜਿਸ ਵਿੱਚ ਸੈਂਕੜੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਰਾਜ ਪੱਧਰ ਦੀ ਸਖ਼ਤ ਸਕ੍ਰੀਨਿੰਗ ਅਤੇ ਮੁਕਾਬਲੇ ਤੋਂ ਬਾਅਦ, ਹਰੇਕ ਰਾਜ ਵਿੱਚੋਂ ਇੱਕ ਨਿਸ਼ਚਿਤ ਅਤੇ ਪੂਰਵ-ਨਿਰਧਾਰਿਤ ਕੋਟੇ ਦੇ ਅਨੁਸਾਰ ਸਰਵੋਤਮ ਪ੍ਰੋਜੈਕਟਾਂ ਨੂੰ ਸਿੱਧਾ 'ਰਾਸ਼ਟਰੀ ਬਾਲ ਵਿਗਿਆਨ ਕਾਂਗਰਸ' ਲਈ ਚੁਣਿਆ ਜਾਂਦਾ ਹੈ, ਜਿੱਥੇ ਪੂਰੇ ਭਾਰਤ ਦੇ ਵੱਖ-ਵੱਖ ਰਾਜਾਂ ਅਤੇ ਸੱਭਿਆਚਾਰਾਂ ਦੇ ਨੰਨ੍ਹੇ ਵਿਗਿਆਨੀ ਇੱਕ ਛੱਤ ਹੇਠ ਇਕੱਠੇ ਹੋ ਕੇ ਆਪਣੇ ਅਨੁਭਵਾਂ ਅਤੇ ਵਿਗਿਆਨਕ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਦੇ ਹਨ, ਜਿਸ ਨਾਲ ਰਾਸ਼ਟਰੀ ਏਕਤਾ ਅਤੇ ਵਿਗਿਆਨਕ ਸਾਂਝ ਮਜ਼ਬੂਤ ਹੁੰਦੀ ਹੈ। ਬਾਲ ਵਿਗਿਆਨ ਕਾਂਗਰਸ ਵਿੱਚ ਭਾਗ ਲੈਣ ਨਾਲ ਜਿੱਥੇ ਬੱਚਿਆਂ ਵਿੱਚ ਖੋਜ ਕਰਨ ਦੀ ਰੁਚੀ ਵਧਦੀ ਹੈ ਉੱਥੇ ਹੀ ਰੱਟਾ ਲਗਾਉਣ ਦੀ ਬਜਾਏ ਸਿੱਖਣ 'ਤੇ ਜ਼ੋਰ ਮਿਲਦਾ ਹੈ ,ਬੱਚੇ ਸਵਾਲ ਪੁੱਛਣਾ ਅਤੇ ਨਿਰੀਖਣ ਕਰਨਾ ਸਿੱਖਦੇ ਹਨ।

ਸਾਲ 2026-27 ਦੇ ਮੌਜੂਦਾ ਦੌਰ ਲਈ ਇਸ ਵੱਕਾਰੀ ਅਤੇ ਵਿਸ਼ਵ-ਪੱਧਰੀ ਪ੍ਰੋਗਰਾਮ ਦਾ ਮੁੱਖ ਵਿਸ਼ਾ "ਸਥਿਰਤਾ ਲਈ ਵਿਗਿਆਨ ਅਤੇ ਨਵੀਨਤਾ" ਨਿਰਧਾਰਿਤ ਕੀਤਾ ਗਿਆ ਹੈ। ਇਹ ਵਿਸ਼ਾ ਅੱਜ ਦੇ ਆਧੁਨਿਕ ਸਮੇਂ ਦੀ ਸਭ ਤੋਂ ਵੱਡੀ ਅਤੇ ਤੁਰੰਤ ਲੋੜ ਹੈ ਕਿਉਂਕਿ ਪੂਰੀ ਦੁਨੀਆ ਇਸ ਵੇਲੇ ਗਲੋਬਲ ਵਾਰਮਿੰਗ, ਜਲਵਾਯੂ ਪਰਿਵਰਤਨ, ਪ੍ਰਦੂਸ਼ਣ ਦੇ ਵਧ ਰਹੇ ਕਹਿਰ ਅਤੇ ਕੁਦਰਤੀ ਸਰੋਤਾਂ ਦੇ ਤੇਜ਼ੀ ਨਾਲ ਖ਼ਤਮ ਹੋਣ ਵਰਗੀਆਂ ਬੇਹੱਦ ਗੰਭੀਰ ਤੇ ਵਿਨਾਸ਼ਕਾਰੀ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ। ਇਹ ਵਿਸ਼ੇਸ਼ ਥੀਮ ਭਾਰਤ ਸਰਕਾਰ ਦੇ ਵਿਸ਼ਵ-ਵਿਆਪੀ 'ਮਿਸ਼ਨ ਲਾਈਫ' ਅਤੇ ਸੰਯੁਕਤ ਰਾਸ਼ਟਰ ਦੇ ਟਿਕਾਊ ਵਿਕਾਸ ਟੀਚਿਆਂ ਨਾਲ ਸਿੱਧਾ ਅਤੇ ਗੂੜ੍ਹਾ ਜੁੜਿਆ ਹੋਇਆ ਹੈ। ਇਸ ਦੇ ਤਹਿਤ ਪੰਜਾਬ ਦੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਅਜਿਹੇ ਪ੍ਰੋਜੈਕਟਾਂ 'ਤੇ ਕੰਮ ਕਰਨ ਲਈ ਪ੍ਰੇਰਿਤ ਅਤੇ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਜੋ ਖੇਤੀਬਾੜੀ ਦੇ ਵਾਤਾਵਰਣ-ਪੱਖੀ ਤਰੀਕਿਆਂ, ਸੂਰਜੀ, ਪਵਨ ਅਤੇ ਹਾਈਡ੍ਰੋਜਨ ਊਰਜਾ ਦੇ ਉਪਯੋਗ, ਮੀਂਹ ਦੇ ਪਾਣੀ ਦੀ ਮੁੜ-ਵਰਤੋਂ ਤੇ ਸਟੋਰੇਜ, ਹਰੇ ਕੂੜੇ ਤੋਂ ਜੈਵਿਕ ਖਾਦ ਬਣਾਉਣ, ਅਤੇ ਸਥਾਨਕ ਜੈਵਿਕ ਵਿਵਿਧਤਾ ਦੀ ਸੰਭਾਲ 'ਤੇ ਅਧਾਰਿਤ ਹੋਣ। ਪੰਜਾਬ ਵਰਗੇ ਖੇਤੀਬਾੜੀ ਪ੍ਰਧਾਨ ਅਤੇ ਉਦਯੋਗਿਕ ਤੌਰ 'ਤੇ ਵਿਕਸਿਤ ਹੋ ਰਹੇ ਰਾਜ ਲਈ ਇਹ ਵਿਸ਼ਾ ਬਹੁਤ ਹੀ ਜ਼ਿਆਦਾ ਮਹੱਤਵਪੂਰਨ ਹੈ, ਕਿਉਂਕਿ ਇੱਥੋਂ ਦੇ ਬੱਚੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਚਾਉਣ, ਕੈਮੀਕਲ ਮੁਕਤ ਖੇਤੀ ਕਰਨ ਅਤੇ ਉਦਯੋਗਾਂ ਦੇ ਗੰਦੇ ਪਾਣੀ ਨੂੰ ਸਾਫ਼ ਕਰਨ ਲਈ ਬਹੁਤ ਹੀ ਘੱਟ ਲਾਗਤ ਵਾਲੇ ਅਤੇ ਨਵੀਨਤਾਕਾਰੀ ਮਾਡਲ ਤਿਆਰ ਕਰ ਰਹੇ ਹਨ।

ਪੰਜਾਬ ਵਿੱਚ ਬਾਲ ਵਿਗਿਆਨ ਕਾਂਗਰਸ ਦੀ ਲੋਕਪ੍ਰਿਯਤਾ ਅਤੇ ਇਸ ਦਾ ਸਮਾਜਿਕ ਪ੍ਰਭਾਵ ਦਿਨ-ਬ-ਦਿਨ ਬਹੁਤ ਤੇਜ਼ੀ ਨਾਲ ਵਧ ਰਹੀ ਹੈ ਅਤੇ ਇਸ ਨੇ ਖ਼ਾਸ ਕਰਕੇ ਪੇਂਡੂ ਖੇਤਰਾਂ ਦੇ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਦੀ ਮਾਨਸਿਕਤਾ ਨੂੰ ਹਾਂਪੱਖੀ ਤਰੀਕੇ ਨਾਲ ਬਦਲਣ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਹੈ। ਪੰਜਾਬ ਦੇ ਸਿੱਖਿਆ ਵਿਭਾਗ, ਸਕੂਲ ਮੁਖੀਆਂ ਅਤੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ (ਫਸ਼ਛਸ਼ਠ) ਦੇ ਸਾਂਝੇ ਅਤੇ ਤਾਲਮੇਲ ਵਾਲੇ ਯਤਨਾਂ ਸਦਕਾ, ਹਰ ਸਾਲ ਸਾਇੰਸ ਅਧਿਆਪਕਾਂ ਲਈ ਵਿਸ਼ੇਸ਼ ਓਰੀਐਂਟੇਸ਼ਨ ਕੈਂਪ ਅਤੇ ਟ੍ਰੇਨਿੰਗ ਵਰਕਸ਼ਾਪਾਂ ਲਗਾਈਆਂ ਜਾਂਦੀਆਂ ਹਨ ਤਾਂ ਜੋ ਉਹ ਬੱਚਿਆਂ ਦੇ ਸੱਚੇ ਮਾਰਗਦਰਸ਼ਕ (ਘੁਦਿਏਸ) ਵਜੋਂ ਵਧੀਆ ਅਤੇ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਸਕਣ। ਜਦੋਂ ਇੱਕ ਦੂਰ-ਦਰਾਡੇ ਪਿੰਡ ਦਾ, ਸਾਧਾਰਨ ਪਿਛੋਕੜ ਵਾਲਾ ਬੱਚਾ ਆਪਣੇ ਆਲੇ-ਦੁਆਲੇ ਦੀ ਕਿਸੇ ਗੁੰਝਲਦਾਰ ਸਮੱਸਿਆ 'ਤੇ ਵਿਗਿਆਨਕ ਖੋਜ ਕਰਕੇ, ਚਾਰਟਾਂ ਅਤੇ ਮਾਡਲਾਂ ਰਾਹੀਂ ਰਾਸ਼ਟਰੀ ਪੱਧਰ 'ਤੇ ਵੱਡੇ-ਵੱਡੇ ਮੰਚਾਂ 'ਤੇ ਪਹੁੰਚਦਾ ਹੈ, ਤਾਂ ਉਸ ਦਾ ਆਤਮ-ਵਿਸ਼ਵਾਸ, ਬੋਲਣ ਦੀ ਕਲਾ ਅਤੇ ਸ਼ਖਸੀਅਤ ਅਸਮਾਨ ਨੂੰ ਛੂੰਹਦੀ ਹੈ। ਇਹ ਮੰਚ ਬੱਚਿਆਂ ਨੂੰ ਬਚਪਨ ਤੋਂ ਹੀ ਇਹ ਅਹਿਸਾਸ ਕਰਵਾਉਂਦਾ ਹੈ ਕਿ ਸਮੱਸਿਆਵਾਂ ਬਾਰੇ ਸਿਰਫ਼ ਸ਼ਿਕਾਇਤਾਂ ਕਰਨ ਜਾਂ ਹੱਥ 'ਤੇ ਹੱਥ ਧਰ ਕੇ ਬੈਠਣ ਦੀ ਬਜਾਏ, ਵਿਗਿਆਨ ਦੀ ਮਦਦ ਨਾਲ ਉਨ੍ਹਾਂ ਦਾ ਵਿਹਾਰਕ ਹੱਲ ਲੱਭਣਾ ਹੀ ਅਸਲੀ ਦੇਸ਼ ਭਗਤੀ, ਸਿਆਣਪ ਅਤੇ ਮਨੁੱਖੀ ਕਰਤੱਵ ਹੈ। ਬਾਲ ਵਿਗਿਆਨ ਕਾਂਗਰਸ ਨੇ ਪਿਛਲੇ ਤਿੰਨ ਦਹਾਕਿਆਂ ਵਿੱਚ ਇਹ ਪੂਰੀ ਤਰ੍ਹਾਂ ਸਾਬਤ ਕਰ ਦਿੱਤਾ ਹੈ ਕਿ ਜੇਕਰ ਦੇਸ਼ ਦੀ ਨਵੀਂ ਪੀੜ੍ਹੀ ਨੂੰ ਸਹੀ ਮੌਕੇ, ਸਹੀ ਸਰੋਤ ਅਤੇ ਸਹੀ ਦਿਸ਼ਾ ਦਿੱਤੀ ਜਾਵੇ, ਤਾਂ ਉਹ ਦੁਨੀਆ ਦੀ ਕਿਸੇ ਵੀ ਵੱਡੀ ਤੋਂ ਵੱਡੀ ਚੁਣੌਤੀ ਦਾ ਸਾਹਮਣਾ ਬਹੁਤ ਹੀ ਆਸਾਨੀ ਨਾਲ ਕਰ ਸਕਦੇ ਹਨ।

ਇਹ ਮਹਾਨ ਮੁਹਿੰਮ ਭਾਰਤ ਨੂੰ ਵਿਗਿਆਨ, ਖੋਜ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਵਿਸ਼ਵ ਪੱਧਰ 'ਤੇ ਆਤਮ-ਨਿਰਭਰ ਤੇ ਮੋਹਰੀ ਬਣਾਉਣ ਅਤੇ ਦੇਸ਼ ਵਿੱਚ ਇੱਕ ਤਰਕਸ਼ੀਲ, ਅੰਧ-ਵਿਸ਼ਵਾਸ ਮੁਕਤ, ਜਾਗਰੂਕ ਅਤੇ ਜ਼ਿੰਮੇਵਾਰ ਸਮਾਜ ਦੀ ਸਿਰਜਣਾ ਕਰਨ ਦੀ ਦਿਸ਼ਾ ਵਿੱਚ ਇੱਕ ਸੁਨਹਿਰੀ, ਅਮਿੱਟ ਅਤੇ ਇਤਿਹਾਸਕ ਮੀਲ ਪੱਥਰ ਹੈ।

**ਡਾ. ਦਿਨੇਸ਼ ਕੁਮਾਰ**
**ਲੈਕਚਰਾਰ ਫਿਜ਼ਿਕਸ**
**ਗੌਰਮਿੰਟ ਵਿਕਟੋਰੀਆ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ-147001**
**E.Mail. dineshk_2@yahoo.co.in**

**ਸਰਤਾਜ ਸਿੰਘ ਝਬਾਲ**
**ਲੈਕਚਰਾਰ ਕੈਮਿਸਟਰੀ**
**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਗੋਬੂਆ (ਤਰਨ ਤਾਰਨ)**
**E.Mail. chemistrychabhal@gmail.com**

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

ਡਰਾਈਵਰ ਦੀ ਜ਼ਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!



# ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ **Traki** ਨਾਲ.

**ਕਾਗਜ਼ ਸੰਭਾਲੋ**
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

INVOICE $
**ਇਨਵੌਇਸ ਬਣਾਓ**
AI ਮਦਦ ਨਾਲ ਆਟੋ ਫਿਲ ਅਤੇ ਪੇਸ਼ੇਵਰ ਇਨਵੌਇਸ ਤਿਆਰ.

**ਕਮਾਈ ਵਧਾਓ**
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

**ਅੱਜ ਹੀ ਸ਼ੁਰੂ ਕਰੋ!**
**3 ਦਿਨ ਦਾ ਮੁਫਤ TRIAL ਮਿਲੇਗਾ!**
ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

**ਟਾਈਮ ਬਚਾਓ**
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

**ਗਲਤੀ ਘੱਟ**
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

**ਆਫਲਾਈਨ ਕੰਮ**
ਇੰਟਰਨੈੱਟ ਬਿਨ੍ਹਾਂ ਵੀ ਸਭ ਕੁਝ ਚੱਲਦਾ.

**ਸਭ ਕੁਝ ਇੱਕ ਜਗ੍ਹਾ**
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

**TRAKI**
ਡਰਾਈਵਰ ਦਾ ਅਸਲੀ ਯਾਰ.

# ਨੇਪਾਲ 'ਚ ਮਰਨ ਵਾਲਿਆਂ ਦੀ ਗਿਣਤੀ 900 ਤੋਂ ਪਾਰ, 4200 ਤੋਂ ਵੱਧ ਲੋਕ ਲਾਪਤਾ

**ਕਾਠਮੰਡੂ ਸਾਂਝੀ ਸੋਚ ਬਿਊਰੋ**

ਨੇਪਾਲ ਵਿੱਚ ਭੋਟੇ ਕੋਸ਼ੀ ਅਤੇ ਤ੍ਰਿਸ਼ੂਲੀ ਨਦੀਆਂ ਦੇ ਵਿਨਾਸ਼ਕਾਰੀ ਹੜ੍ਹਾਂ ਵਿੱਚ ਹੁਣ ਤੱਕ 903 ਲੋਕਾਂ ਦੀ ਜਾਨ ਜਾ ਚੁੱਕੀ ਹੈ, ਜਦੋਂ ਕਿ 4,200 ਤੋਂ ਵੱਧ ਲਾਪਤਾ ਹਨ। ਬਰਾਮਦ ਹੋਈਆਂ ਲਾਸ਼ਾਂ ਦੀ ਪਛਾਣ ਅਤੇ ਸੰਭਾਲ ਵਿੱਚ ਅਧਿਕਾਰੀਆਂ ਨੂੰ ਇੱਕ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਣਪਛਾਤੀਆਂ ਲਾਸ਼ਾਂ ਨੂੰ ਦਫ਼ਨਾਉਣ ਲਈ ਚਿਤਵਾਨ ਦੇ ਦੇਵਘਾਟ ਜੰਗਲ ਵਿੱਚ ਸੈਂਕੜੇ ਕਬਰਾਂ ਤਿਆਰ ਕੀਤੀਆਂ ਗਈਆਂ ਹਨ। ਪਿਛਲੇ ਦੋ ਦਿਨਾਂ ਵਿੱਚ 196 ਲਾਸ਼ਾਂ ਪਹਿਲਾਂ ਹੀ ਦਫ਼ਨਾਈਆਂ ਜਾ ਚੁੱਕੀਆਂ ਹਨ। ਪਾਣੀ ਦੇ ਲੰਬੇ ਸਮੇਂ ਤੱਕ ਸੰਪਰਕ ਵਿੱਚ ਰਹਿਣ ਕਾਰਨ ਬਹੁਤ ਸਾਰੀਆਂ ਲਾਸ਼ਾਂ ਸੜ ਗਈਆਂ ਹਨ, ਜਿਸ ਕਾਰਨ ਪਛਾਣ ਮੁਸ਼ਕਲ ਹੋ ਗਈ ਹੈ। ਹਰੇਕ ਲਾਸ਼ ਨੂੰ ਇੱਕ ਪਛਾਣ ਨੰਬਰ ਦਿੱਤਾ ਜਾ ਰਿਹਾ ਹੈ ਅਤੇ ਰਿਕਾਰਡ ਕੀਤਾ ਜਾ ਰਿਹਾ ਹੈ। ਬਾਅਦ ਵਿੱਚ ਡੀਐਨਏ ਟੈਸਟਿੰਗ ਰਾਹੀਂ ਲਾਸ਼ਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸੌਂਪਣ ਦੇ ਯਤਨ ਕੀਤੇ ਜਾਣਗੇ। ਕਿਉਂਕਿ ਹਜ਼ਾਰਾਂ ਲੋਕ ਅਜੇ ਵੀ ਲਾਪਤਾ ਹਨ, ਇਸ ਲਈ ਇਹ ਪ੍ਰਕਿਰਿਆ ਬਹੁਤ ਮਹੱਤਵਪੂਰਨ ਹੈ। ਰਾਸ਼ਟਰੀ ਆਫ਼ਤ ਜੋਖਮ ਘਟਾਉਣ ਅਤੇ ਪ੍ਰਬੰਧਨ ਅਥਾਰਟੀ (ਐਨਡੀਆਰਆਰਐਮਏ) ਦੁਆਰਾ ਸੋਮਵਾਰ ਨੂੰ ਜਾਰੀ ਕੀਤੇ ਗਏ ਤਾਜ਼ਾ ਅਪਡੇਟ ਦੇ ਅਨੁਸਾਰ, ਬਰਾਮਦ ਕੀਤੀਆਂ ਗਈਆਂ ਲਾਸ਼ਾਂ ਦੀ ਗਿਣਤੀ 903 ਹੋ ਗਈ ਹੈ, ਜਿਸ ਵਿੱਚ ਸਭ ਤੋਂ ਵੱਧ 272 ਲਾਸ਼ਾਂ ਦੱਖਣੀ ਚਿਤਵਾਨ ਜ਼ਿਲ੍ਹੇ ਵਿੱਚ ਬਰਾਮਦ ਹੋਈਆਂ ਹਨ, ਜਿੱਥੇ ਅਧਿਕਾਰੀਆਂ ਨੂੰ ਉਨ੍ਹਾਂ ਦੇ ਪ੍ਰਬੰਧਨ ਲਈ ਸੰਘਰਸ਼ ਕਰਨਾ ਪਿਆ ਹੈ।

ਚਿਤਵਾਨ ਦੇ ਸਥਾਨਕ ਅਧਿਕਾਰੀਆਂ ਨੇ ਬਾਅਦ ਵਿੱਚ ਬਰਾਮਦ ਕੀਤੀਆਂ ਗਈਆਂ ਜ਼ਿਆਦਾਤਰ ਲਾਸ਼ਾਂ ਨੂੰ ਦੇਵਘਾਟ ਵਿਖੇ ਕਾਲੀ ਗੰਡਕੀ ਅਤੇ ਤ੍ਰਿਸ਼ੂਲੀ ਨਦੀਆਂ ਦੇ ਸੰਗਮ 'ਤੇ ਦਫ਼ਨਾ ਦਿੱਤਾ ਤਾਂ ਜੋ ਉਨ੍ਹਾਂ ਨੂੰ ਜ਼ਿਲ੍ਹੇ ਵਿੱਚ ਬਿਮਾਰੀ ਦਾ ਸਰੋਤ ਬਣਨ ਤੋਂ ਰੋਕਿਆ ਜਾ ਸਕੇ। ਜ਼ਿਲ੍ਹਾ ਪ੍ਰਸ਼ਾਸਨ ਦਫ਼ਤਰ, ਚਿਤਵਾਨ ਦੇ ਅਨੁਸਾਰ, ਉਨ੍ਹਾਂ ਨੂੰ ਦਫ਼ਨਾਉਣ ਤੋਂ ਪਹਿਲਾਂ, ਅਧਿਕਾਰੀਆਂ ਨੇ ਲਾਸ਼ਾਂ ਤੋਂ ਡੀਐਨਏ ਨਮੂਨੇ ਇਕੱਠੇ ਕੀਤੇ ਤਾਂ ਜੋ ਭਵਿੱਖ ਵਿੱਚ ਉਨ੍ਹਾਂ ਦੀ ਪਛਾਣ ਨੂੰ ਆਸਾਨ ਬਣਾਇਆ ਜਾ ਸਕੇ।

ਐਨਡੀਆਰਆਰਐਮਏ ਨੇ ਕਿਹਾ ਕਿ ਕਈ ਹੋਰ ਅਣਪਛਾਤੀਆਂ ਲਾਸ਼ਾਂ ਵੱਖ-ਵੱਖ ਜ਼ਿਲ੍ਹਿਆਂ ਦੇ 21 ਹਸਪਤਾਲਾਂ ਵਿੱਚ ਰੱਖੀਆਂ ਗਈਆਂ ਹਨ ਅਤੇ ਰਿਸ਼ਤੇਦਾਰਾਂ ਨੂੰ ਪਛਾਣ ਲਈ ਅਧਿਕਾਰਤ ਰਿਕਾਰਡਾਂ ਦੀ ਜਾਂਚ ਕਰਨ ਦੀ ਅਪੀਲ ਕੀਤੀ ਹੈ।

ਐਨਡੀਆਰਆਰਐਮਏ ਦੇ ਅਨੁਸਾਰ, 592 ਵਿਦੇਸ਼ੀ ਸਮੇਤ 4,247 ਲੋਕ ਸੰਪਰਕ ਤੋਂ ਬਾਹਰ ਹਨ। ਭੋਟੇਕੋਸ਼ੀ ਅਤੇ ਤ੍ਰਿਸ਼ੂਲੀ ਨਦੀ ਗਲਿਆਰਿਆਂ ਦੇ ਨਾਲ-ਨਾਲ ਵੱਖ-ਵੱਖ ਪਣ-ਬਿਜਲੀ ਪ੍ਰੋਜੈਕਟਾਂ 'ਤੇ ਕੰਮ ਕਰਨ ਵਾਲੇ 933 ਲੋਕ ਵੀ ਸੰਪਰਕ ਤੋਂ ਬਾਹਰ ਹਨ, ਕਿਉਂਕਿ ਅਧਿਕਾਰੀ ਭਾਰਤੀ ਅਤੇ ਚੀਨੀ ਤਕਨੀਕੀ ਟੀਮਾਂ ਦੀ ਸਹਾਇਤਾ ਨਾਲ ਵੱਖ-ਵੱਖ ਪਣ-ਬਿਜਲੀ ਪ੍ਰੋਜੈਕਟਾਂ 'ਤੇ ਸੁਰੰਗਾਂ ਦੇ ਅੰਦਰ ਫਸੇ ਲੋਕਾਂ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਜਾਰੀ ਰੱਖਦੇ ਹਨ। ਨੇਪਾਲ-ਚੀਨ ਸਰਹੱਦ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਆਫ਼ਤ ਆਉਣ ਤੋਂ ਬਾਅਦ ਨੇਪਾਲ ਫੌਜ, ਨੇਪਾਲ ਪੁਲਿਸ ਅਤੇ ਹਥਿਆਰਬੰਦ ਪੁਲਿਸ ਬਲ ਦੇ ਕਰਮਚਾਰੀਆਂ ਦੇ ਨਾਲ-ਨਾਲ ਕਈ ਹੋਰ ਸਰਕਾਰੀ ਕਰਮਚਾਰੀ ਵੀ ਸੰਪਰਕ ਤੋਂ ਬਾਹਰ ਹਨ। ਆਫ਼ਤ ਵਿੱਚ 267 ਲੋਕ ਜ਼ਖਮੀ ਵੀ ਹੋਏ ਹਨ, ਜਿਨ੍ਹਾਂ ਵਿੱਚੋਂ 156 ਨੂੰ ਇਲਾਜ ਤੋਂ ਬਾਅਦ ਪਹਿਲਾਂ ਹੀ ਛੁੱਟੀ ਦੇ ਦਿੱਤੀ ਗਈ ਹੈ। ਐਨਡੀਆਰਆਰਐਮਏ ਦੇ ਅਨੁਸਾਰ, ਹੁਣ ਤੱਕ ਕੁੱਲ 10,451 ਲੋਕਾਂ ਨੂੰ ਬਚਾਇਆ ਗਿਆ ਹੈ, ਜਿਨ੍ਹਾਂ ਵਿੱਚ 252 ਵਿਦੇਸ਼ੀ ਨਾਗਰਿਕ ਅਤੇ 3,344 ਨੇਪਾਲੀ ਸ਼ਾਮਲ ਹਨ ਜਿਨ੍ਹਾਂ ਨੂੰ ਨੇਪਾਲ ਫੌਜ ਦੁਆਰਾ ਹਵਾਈ ਕਾਰਵਾਈਆਂ ਰਾਹੀਂ ਬਚਾਇਆ ਗਿਆ ਹੈ। ਅਥਾਰਟੀ ਨੇ ਕਿਹਾ ਕਿ ਖੋਜ, ਬਚਾਅ ਅਤੇ ਰਾਹਤ ਕਾਰਜਾਂ ਲਈ 20,819 ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਗਏ ਹਨ, ਜਿਨ੍ਹਾਂ ਵਿੱਚ 8,722 ਨੇਪਾਲੀ ਫੌਜ ਦੇ ਕਰਮਚਾਰੀ, 7,894 ਨੇਪਾਲ ਪੁਲਿਸ ਕਰਮਚਾਰੀ ਅਤੇ 4,203 ਆਰਮਡ ਪੁਲਿਸ ਫੋਰਸ ਦੇ ਕਰਮਚਾਰੀ ਸ਼ਾਮਲ ਹਨ।



# ਪ੍ਰਿੰਸੀਪਲ ਬੁੱਧਰਾਮ ਵੱਲੋਂ ਇਤਿਹਾਸਕ ਸਮਾਗਮ ਨੂੰ ਸਫ਼ਲ ਬਣਾਉਣ ਲਈ ਹਲਕੇ ਦੇ ਸਮੂਹ ਬਲਾਕ ਪ੍ਰਧਾਨਾਂ ਨਾਲ ਅਹਿਮ ਮੀਟਿੰਗ

**ਬੁਢਲਾਡਾ ਸਾਂਝੀ ਸੋਚ ਬਿਊਰੋ**

ਭਗਤ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕੁੱਲ 92 ਸ਼ਾਨਦਾਰ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦੀ ਸ਼ੁਰੂਆਤ 1 ਸਤੰਬਰ 2026 ਤੋਂ ਹੋ ਰਹੀ ਹੈ। ਹਰੇਕ ਸ਼ੋਅ ਵਿੱਚ 500 ਤੋਂ ਵੱਧ ਡਰੋਨ ਅਸਮਾਨ ਵਿੱਚ ਇੱਕੋ ਸਮੇਂ ਆਪਣੀ ਪੇਸ਼ਕਾਰੀ ਕਰਨਗੇ। ਡਿਜੀਟਲ ਤਕਨੀਕ ਰਾਹੀਂ ਰਾਤ ਦੇ ਸਮੇਂ ਅਸਮਾਨ ਵਿੱਚ ਭਗਤ ਰਵਿਦਾਸ ਦੀ ਬਾਣੀ, ਜੀਵਨ ਅਤੇ ਸਿੱਖਿਆਵਾਂ ਨੂੰ ਦਰਸਾਇਆ ਜਾਵੇਗਾ, ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਭਗਤ ਰਵਿਦਾਸ ਦੇ ਮਹਾਨ ਸੰਦੇਸ਼ ਨਾਲ ਜੋੜਿਆ ਜਾ ਸਕੇ। ਇਸੇ ਲੜੀ ਵਿੱਚ 3 ਸਤੰਬਰ, ਦਿਨ ਵੀਰਵਾਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਟੇਡੀਅਮ, ਬੁਢਲਾਡਾ ਵਿਖੇ ਭਗਤ ਰਵਿਦਾਸ ਦੀ ਮਹਾਨ



ਜੀਵਨੀ ਅਤੇ ਉਨ੍ਹਾਂ ਵੱਲੋਂ ਦਿੱਤੀਆਂ ਮਨੁੱਖਤਾ, ਸਮਾਨਤਾ ਅਤੇ ਭਾਈਚਾਰੇ ਦੀਆਂ ਸਿੱਖਿਆਵਾਂ ਨੂੰ ਆਧੁਨਿਕ ਤਕਨੀਕ ਰਾਹੀਂ ਦਰਸਾਉਣ ਲਈ ਇੱਕ ਵਿਸ਼ਾਲ ਡ੍ਰੋਨ ਸ਼ੋਅ ਕਰਵਾਇਆ ਜਾ ਰਿਹਾ ਹੈ। ਜਿਸ ਦੇ ਮੱਦੇਨਜ਼ਰ ਬੁਢਲਾਡਾ ਤੋਂ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਵੱਲੋਂ ਤਿਆਰੀਆਂ ਦੀ ਸਮੀਖਿਆ ਕੀਤੀ ਜਾ ਰਹੀ ਹੈ। ਇਸੇ ਸੰਬੰਧ ਵਿੱਚ ਉਹਨਾਂ ਨੇ ਅੱਜ ਇਸ ਇਤਿਹਾਸਕ ਸਮਾਗਮ ਨੂੰ ਸਫ਼ਲ ਬਣਾਉਣ ਅਤੇ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਹਲਕੇ ਦੇ ਸਮੂਹ ਬਲਾਕ ਪ੍ਰਧਾਨਾਂ ਨਾਲ ਅਹਿਮ ਮੀਟਿੰਗ ਕੀਤੀ । ਮੀਟਿੰਗ ਦੌਰਾਨ ਪਿੰਡ-ਪਿੰਡ ਤੱਕ ਪਹੁੰਚ ਕਰਕੇ ਲੋਕਾਂ ਨੂੰ ਇਸ ਵਿਲੱਖਣ ਪ੍ਰੋਗਰਾਮ ਵਿੱਚ ਸ਼ਾਮਲ ਕਰਨ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਦੀਆਂ ਮਹਾਨ ਸਿੱਖਿਆਵਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

# ਆਈਸ ਦੀਆਂ ਗ੍ਰਿਫ਼ਤਾਰੀਆਂ ਰਿਕਾਰਡ ਪੱਧਰ 'ਤੇ! ਅੱਧੇ ਤੋਂ ਵੱਧ ਲੋਕਾਂ ਦਾ ਕੋਈ ਅਪਰਾਧਿਕ ਰਿਕਾਰਡ ਨਹੀਂ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਅਮਰੀਕਾ ਵਿਚ ਇਮੀਗ੍ਰੇਸ਼ਨ ਕਾਰਵਾਈ ਦਾ ਦਾਇਰਾ ਤੇਜ਼ੀ ਨਾਲ ਵਧ ਰਿਹਾ ਹੈ। ਵਾਸ਼ਿੰਗਟਨ ਪੋਸਟ ਵੱਲੋਂ 28 ਅਗਸਤ ਨੂੰ ਪ੍ਰਕਾਸ਼ਿਤ ਨਵੇਂ ਵਿਸ਼ਲੇਸ਼ਣ ਮੁਤਾਬਕ, ਯੂ.ਐੱਸ. ਇਮੀਗ੍ਰੇਸ਼ਨ ਅਤੇ ਕਸਟਮਜ਼ ਐਨਫੋਰਸਮੈਂਟ (ਆਈਸ) ਹੁਣ ਅਜਿਹੇ ਪ੍ਰਵਾਸੀਆਂ ਨੂੰ ਵੀ ਵੱਡੀ ਗਿਣਤੀ ਵਿਚ ਗ੍ਰਿਫ਼ਤਾਰ ਕਰ ਰਹੀ ਹੈ, ਜਿਨ੍ਹਾਂ ਦਾ ਕੋਈ ਅਪਰਾਧਿਕ ਰਿਕਾਰਡ ਨਹੀਂ ਹੈ। ਨਵੇਂ ਸਰਕਾਰੀ ਅੰਕੜਿਆਂ ਮੁਤਾਬਕ ਜੁਲਾਈ 2026 ਵਿਚ ਆਈਸ ਨੇ 49,571 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ, ਜੋ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦੂਜੇ ਕਾਰਜਕਾਲ ਦਾ ਸਭ ਤੋਂ ਵੱਡਾ ਮਹੀਨਾਵਾਰ ਅੰਕੜਾ ਹੈ। ਜੂਨ ਵਿਚ 43,021 ਗ੍ਰਿਫ਼ਤਾਰੀਆਂ ਹੋਈਆਂ ਸਨ, ਇਸ ਤਰ੍ਹਾਂ ਇੱਕ ਮਹੀਨੇ ਵਿਚ ਲਗਭਗ 15 ਫੀਸਦੀ ਵਾਧਾ ਹੋਇਆ। ਫਰਵਰੀ ਦੇ 29,241 ਦੇ ਮੁਕਾਬਲੇ ਜੁਲਾਈ ਦਾ ਅੰਕੜਾ ਕਰੀਬ 70 ਫੀਸਦੀ ਵੱਧ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਜੁਲਾਈ ਵਿਚ ਗ੍ਰਿਫ਼ਤਾਰ ਕੀਤੇ ਗਏ ਲੋਕਾਂ ਵਿਚੋਂ ਅੱਧੇ ਤੋਂ ਵੱਧ ਨਾ ਕਿਸੇ ਅਪਰਾਧ ਲਈ ਦੋਸ਼ੀ ਠਹਿਰਾਏ ਗਏ ਸਨ ਅਤੇ ਨਾ ਹੀ ਉਨ੍ਹਾਂ ਖ਼ਿਲਾਫ਼ ਕੋਈ ਅਪਰਾਧਿਕ ਚਾਰਜ ਲੰਬਿਤ ਸੀ। ਏ.ਪੀ. ਮੁਤਾਬਕ ਇੱਕ ਚੌਥਾਈ ਤੋਂ ਵੀ ਘੱਟ ਗ੍ਰਿਫ਼ਤਾਰ ਵਿਅਕਤੀਆਂ ਦੀ ਅਪਰਾਧਿਕ ਦੋਸ਼ੀ ਸੀ। ਸੀ.ਬੀ.ਐੱਸ. ਦੇ ਵਿਸ਼ਲੇਸ਼ਣ ਅਨੁਸਾਰ ਜੁਲਾਈ ਵਿਚ ਹਰ ਰੋਜ਼ ਔਸਤਨ 800 ਤੋਂ ਵੱਧ ਅਜਿਹੇ ਲੋਕ ਗ੍ਰਿਫ਼ਤਾਰ ਹੋਏ, ਜਿਨ੍ਹਾਂ ਦਾ ਅਪਰਾਧਿਕ ਰਿਕਾਰਡ ਨਹੀਂ ਸੀ। ਇਸਦਾ ਮਤਲਬ ਇਹ ਨਹੀਂ ਕਿ ਇਹ ਸਾਰੇ ਲੋਕ ਅਮਰੀਕਾ ਵਿਚ ਕਾਨੂੰਨੀ ਇਮੀਗ੍ਰੇਸ਼ਨ ਸਟੇਟਸ ਵਿਚ ਸਨ। ਕਿਸੇ ਵਿਅਕਤੀ ਦਾ ਅਪਰਾਧਿਕ ਰਿਕਾਰਡ ਨਾ ਹੋਣਾ ਅਤੇ ਇਮੀਗ੍ਰੇਸ਼ਨ ਦੀ ਉਲੰਘਣਾ ਨਾ ਹੋਣਾ ਦੋ ਵੱਖਰੀਆਂ ਗੱਲਾਂ ਹਨ। ਵੀਜ਼ਾ ਓਵਰਸਟੇਅ ਜਾਂ ਹੋਰ ਇਮੀਗ੍ਰੇਸ਼ਨ-ਸਟੇਟਸ ਉਲੰਘਣਾ ਆਮ ਤੌਰ 'ਤੇ ਸਿਵਲ ਇਮੀਗ੍ਰੇਸ਼ਨ ਮਾਮਲਾ ਹੋ ਸਕਦਾ ਹੈ। ਵਾਸ਼ਿੰਗਟਨ ਪੋਸਟ ਨੇ ਇਹ ਵੀ ਰਿਪੋਰਟ ਕੀਤਾ ਕਿ ਕੁਝ ਗ੍ਰਿਫ਼ਤਾਰੀਆਂ ਪੈਂਡਿੰਗ ਅਸਾਇਲਮ ਕਲੇਮਸ ਅਤੇ ਗਰੀਨ ਕਾਰਡ ਐਪਲੀਕੇਸ਼ਨਾਂ ਵਾਲੇ ਲੋਕਾਂ ਨਾਲ ਵੀ ਜੁੜੀਆਂ ਹਨ। ਆਈਸ ਦੀ ਕਾਰਵਾਈ ਹੁਣ ਵੱਡੀਆਂ ਛਾਪੇਮਾਰੀਆਂ ਤੱਕ ਸੀਮਤ ਨਹੀਂ ਰਹੀ। ਨਵੇਂ ਅੰਕੜਿਆਂ ਵਿਚ ਟ੍ਰੈਫਿਕ ਸਟਾਪ, ਏਅਰਪੋਰਟ, ਇਮੀਗ੍ਰੇਸ਼ਨ ਚੈੱਕ-ਇਨ ਅਤੇ ਕਮਿਊਨਿਟੀ ਗ੍ਰਿਫ਼ਤਾਰੀਆਂ ਦੀ ਵਧਦੀ ਭੂਮਿਕਾ ਸਾਹਮਣੇ ਆਈ ਹੈ। ਜੁਲਾਈ ਦੀਆਂ ਲਗਭਗ ਅੱਧੀਆਂ ਗ੍ਰਿਫ਼ਤਾਰੀਆਂ ਨਾਨ-ਕਸਟੋਡਿਆਲ ਸਨ, ਅਰਥਾਤ ਵਿਅਕਤੀ ਨੂੰ ਪਹਿਲਾਂ ਤੋਂ ਜੇਲ੍ਹ ਵਿਚ ਹੋਣ ਦੀ ਬਜਾਏ ਕਮਿਊਨਿਟੀ 'ਚ ਗ੍ਰਿਫ਼ਤਾਰ ਕੀਤਾ ਗਿਆ। ਸਟੇਟ ਅਤੇ ਸਥਾਨਕ ਪੁਲਿਸ ਨਾਲ ਆਈਸ ਦੇ 287(ਜੀ) ਐਗਰੀਮੈਂਟਸ ਵੀ ਮਹੱਤਵਪੂਰਨ ਬਣ ਰਹੇ ਹਨ। ਜੁਲਾਈ




ਵਿਚ ਅਜਿਹੀਆਂ ਪਾਰਟਨਰਸ਼ਿਪਾਂ ਰਾਹੀਂ ਲਗਭਗ 6,500 ਗ੍ਰਿਫ਼ਤਾਰੀਆਂ, ਯਾਨੀ ਕੁੱਲ ਦਾ ਕਰੀਬ 13 ਫੀਸਦੀ, ਹੋਈਆਂ। ਟੈਕਸਾਸ ਅਤੇ ਫਲੋਰੀਡਾ ਵਿਚ ਮਿਲਾ ਕੇ ਲਗਭਗ 20,000 ਗ੍ਰਿਫ਼ਤਾਰੀਆਂ ਦਰਜ ਕੀਤੀਆਂ ਗਈਆਂ। ਡੀ.ਐੱਚ.ਐੱਸ ਨੇ ਇਸ ਡਾਟੇ ਦੀ ਵਿਆਖਿਆ ਨਾਲ ਅਸਹਿਮਤੀ ਜਤਾਈ ਹੈ।

ੴ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ




## ਸਿੱਖ ਗੁਰਦੁਆਰਾ ਸਾਹਿਬ ਸੈਨ ਹੋਜ਼ੇ ਵੱਲੋਂ

# 8ਵਾਂ ਸਾਲਾਨਾ 'ਰਾਗ ਕੀਰਤਨ ਦਰਬਾਰ'

ਦਾ ਵਿਸ਼ਾਲ ਅਤੇ ਰੂਹਾਨੀ ਸਮਾਗਮ ਕਰਵਾਇਆ ਜਾ ਰਿਹਾ ਹੈ।

## ਆਓ, ਇਸ ਸਮਾਗਮ ਵਿਚ ਗੁਰਬਾਣੀ ਨੂੰ

ਉਸੇ ਰੂਹਾਨੀ ਅੰਦਾਜ਼ ਵਿੱਚ ਸੁਣੀਏ ਅਤੇ ਗਾਈਏ, ਜਿਸ ਤਰ੍ਹਾਂ ਇਹ ਗਾਈ ਅਤੇ ਸੁਣੀ ਜਾਣੀ ਚਾਹੀਦੀ ਹੈ।

**11 ਤੋਂ 13 ਸਤੰਬਰ 2026, ਸ਼ੁੱਕਰਵਾਰ ਤੋਂ ਐਤਵਾਰ ਤੱਕ ਆਯੋਜਿਤ ਕੀਤਾ ਜਾਵੇਗਾ।**

### ਇਸ ਸਮਾਗਮ ਵਿੱਚ



ਭਾਈ ਨਿਰਮਲ ਸਿੰਘ ਨਾਗਪੁਰੀ, ਡਾ. ਮਨਪ੍ਰੀਤ ਸਿੰਘ, ਡਾ. ਗੁਰਨਾਮ ਸਿੰਘ, ਭਾਈ ਕਰਨਜੀਤ ਸਿੰਘ ਸ਼ਾਂਤ, ਬੀਬੀ ਸੋਨੀ ਕੌਰ, ਬੀਬੀ ਸਿਮਰਤ ਕੌਰ, ਭਾਈ ਗੁਰਪ੍ਰੀਤ ਸਿੰਘ, ਭਾਈ ਸਿਮਰਨਜੀਤ ਸਿੰਘ ਖਾਲਸਾ, ਪ੍ਰੋ. ਦਲਬੀਰ ਸਿੰਘ ਤੇ ਵਿਦਿਆਰਥੀ

ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

**ਸਮੂਹ ਸੰਗਤਾਂ ਨੂੰ ਇਸ ਪਵਿੱਤਰ ਅਤੇ ਰਸਭਿੰਨੇ ਕੀਰਤਨ ਦਰਬਾਰ ਵਿੱਚ ਪਰਿਵਾਰ ਸਮੇਤ ਪਹੁੰਚ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਹੈ।**

ਗੁਰਦਵਾਰਾ ਸਾਹਿਬ ਦਾ ਪਤਾ :
3636 Gurdwara Avenue
San Jose, Cailforina

ਵਧੇਰੇ ਜਾਣਕਾਰੀ ਲਈ ਤੁਸੀਂ ਸੰਪਰਕ ਕਰ ਸਕਦੇ ਹੋ
(408) 274-9373


IAPW
INTERNATIONAL ASSOCIATION of PUNJABI WOMEN
28th Annual
One n One Only
Yuba City
Since 1999
JASMEEN AKHTAR
LIVE PERFORMANCE
LIVE IN YUBA CITY
6th SEPT 2026
11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
JOT RANJIT KAUR (SINGER & HOST)
PARM TAKHAR (HOST)
$10 MANDATORY RAFFLE ENTRY TICKET AT THE GATE FROM 10:00AM TO 3:00PM
$20 ENTRY TICKET 3:00PM TO 5:30PM
GATES CLOSE AT 5:30PM.
FOR PARTICIPATION, BOOTH BOOKINGS N SPONSORSHIP, PLEASE CONTACT
CALL : (530) 845-4800
KEERAT TAKHAR
HARNOOR KAUR
PINNU BRAR
DR. LOVELEEN SAMRA
BAL K SINDAL
NAVI GILL
HARDEEP HUNDAL
MANINDER MAAN
SHIVPREET BIHALA
HARDEEP BINNING
SUKHY JHUTTY
JASWANT DHILLON
SUKHNANDAN K LALLY
SITAL GURAYA
MANDEEP KAUR
MADHUPREET KAUR
UMBER MAAN

# Serving Californians since 1999

Global Green
INSURANCE AGENCY
Lic #oF34231

Mann Insurance Brokers Inc.
dba Global Green Insurance Agency of the Bay Area

AUTO, HOME, BUSINESS, LIFE

510-487-1000

WWW.GGIABA.COM

COVERED CALIFORNIA

Certified INSURANCE AGENT

Free Confidential Help

Call : Gurcharan Singh Mann
CA License

Medicare

Licensed Insurance Agent
CA Lic # 0C70672

CALL TO ENROL
510-557-0061

Buying OR Selling Real Estate Let US HELP

MANN
Real Estate Services

BAY AREA, TRACY, LATHROP, ELK GROVE, ROSEVILLE, ROCKLIN, MOUNTAIN HOUSE

510-557-0061

Find your home on our website

www.mannres.com



Gurcharan Singh Mann
DRE#02321006

# ਪ੍ਰਧਾਨ ਮੰਤਰੀ ਮੋਦੀ ਨੇ ਈਰਾਨ ਦੇ ਰਾਸ਼ਟਰਪਤੀ ਨਾਲ ਕੀਤੀ ਮੁਲਾਕਾਤ
## ਈਰਾਨ ਜੰਗ ਤੋਂ ਬਾਅਦ ਪਹਿਲੀ ਵਾਰ ਮਿਲੇ ਦੋਵੇਂ ਨੇਤਾ

ਬਿਸ਼ਕੇਕ
ਸਾਂਝੀ ਸੋਚ ਬਿਊਰੋ



ਪ੍ਰਧਾਨ ਮੰਤਰੀ ਮੋਦੀ ਨੇ ਸੋਮਵਾਰ ਨੂੰ ਬਿਸ਼ਕੇਕ ਵਿੱਚ ਈਰਾਨ ਦੇ ਰਾਸ਼ਟਰਪਤੀ ਮਸੂਦ ਪਜ਼ੇਸ਼ਕੀਅਨ ਨਾਲ ਮੁਲਾਕਾਤ ਕੀਤੀ। ਫਰਵਰੀ ਵਿੱਚ ਈਰਾਨ ਅਤੇ ਅਮਰੀਕਾ ਵਿਚਕਾਰ ਜੰਗ ਸ਼ੁਰੂ ਹੋਣ ਤੋਂ ਬਾਅਦ ਦੋਵਾਂ ਨੇਤਾਵਾਂ ਦੀ ਇਹ ਪਹਿਲੀ ਮੁਲਾਕਾਤ ਹੈ।

ਮੁਲਾਕਾਤ ਦੀ ਜਾਣਕਾਰੀ ਦਿੰਦਿਆਂ ਪੀਐੱਮ ਮੋਦੀ ਨੇ ਪਜ਼ੇਸ਼ਕੀਅਨ ਨਾਲ ਆਪਣੀਆਂ ਤਸਵੀਰਾਂ ਸੋਸ਼ਲ ਮੀਡੀਆ 'ਤੇ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਲਿਖਿਆ, 'ਬਿਸ਼ਕੇਕ ਵਿੱਚ ਰਾਸ਼ਟਰਪਤੀ ਮਸੂਦ ਪਜ਼ੇਸ਼ਕੀਅਨ ਨਾਲ ਮੁਲਾਕਾਤ ਹੋਈ। ਇਸ ਦੌਰਾਨ ਈਰਾਨ ਨਾਲ ਭਾਰਤ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਦੋਸਤੀ ਨੂੰ ਵੱਖ-ਵੱਖ ਖੇਤਰਾਂ ਵਿੱਚ ਹੋਰ ਮਜ਼ਬੂਤ ਕਰਨ ਦੀ ਸਾਡੀ ਵਚਨਬੱਧਤਾ ਦੁਹਰਾਈ। ਆਉਣ ਵਾਲੇ ਸਮੇਂ ਵਿੱਚ ਅਸੀਂ ਆਪਣੇ ਵਪਾਰਕ ਸਬੰਧਾਂ ਦਾ ਵਿਸਥਾਰ ਕਰਨ ਅਤੇ ਵਪਾਰ ਦੇ ਖੇਤਰ ਵਿੱਚ ਵਿਵਿਧਤਾ ਲਿਆਉਣ ਲਈ ਯਤਨਸ਼ੀਲ ਹਾਂ। ਖੇਤਰ ਵਿੱਚ ਮੌਜੂਦਾ ਸਥਿਤੀਆਂ 'ਤੇ ਵੀ ਚਰਚਾ ਹੋਈ। ਭਾਰਤ ਸਥਾਈ ਅਮਨ-ਸ਼ਾਂਤੀ ਯਕੀਨੀ ਬਣਾਉਣ ਦੇ ਮਕਸਦ ਨਾਲ ਕੀਤੀਆਂ ਜਾਣ ਵਾਲੀਆਂ ਸਾਰੀਆਂ ਕੋਸ਼ਿਸ਼ਾਂ ਦਾ ਨਿਰੰਤਰ ਸਮਰਥਨ ਕਰਦਾ ਰਹੇਗਾ। ਇਸ ਤੋਂ ਪਹਿਲਾਂ, ਅੱਜ ਸਵੇਰੇ ਪੀਐੱਮ ਮੋਦੀ ਨੇ ਆਪਣੇ ਅਰਮੀਨੀਆਈ ਹਮਰੁਤਬਾ ਨਿਕੋਲ ਪਾਸ਼ਿਨਯਾਨ ਨਾਲ ਦੋ-ਪੱਖੀ ਬੈਠਕ ਕੀਤੀ ਸੀ। ਦੋਵਾਂ ਨੇਤਾਵਾਂ ਨੇ ਰੱਖਿਆ, ਆਰਥਿਕ, ਫਾਰਮਾ, ਵਿਗਿਆਨ ਅਤੇ ਤਕਨਾਲੋਜੀ, ਸੱਭਿਆਚਾਰ ਅਤੇ ਸਿੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਦੋ-ਪੱਖੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਪੱਛਮੀ ਏਸ਼ੀਆ ਦੀ ਸਥਿਤੀ ਸਮੇਤ ਖੇਤਰੀ ਅਤੇ ਗਲੋਬਲ ਘਟਨਾਕ੍ਰਮ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ। ਪੀਐੱਮ ਮੋਦੀ ਨੇ ਦੁਹਰਾਇਆ ਕਿ ਭਾਰਤ ਦੋ-ਪੱਖੀ ਸਬੰਧਾਂ ਨੂੰ ਹੋਰ ਗੂੜ੍ਹਾ ਕਰਨ ਅਤੇ ਵਧਾਉਣ ਲਈ ਅਰਮੀਨੀਆ ਨਾਲ ਮਿਲ ਕੇ ਕੰਮ ਕਰਨ ਲਈ ਉਤਸ਼ਾਹਿਤ ਹੈ। ਦਰਅਸਲ, ਇਹ ਬੈਠਕ ਅਤੇ ਮੁਲਾਕਾਤ ਇਸ ਲਈ ਇੰਨੀ ਅਹਿਮ ਮੰਨੀ ਜਾ ਰਹੀ ਹੈ, ਕਿਉਂਕਿ ਫਰਵਰੀ ਤੋਂ ਹੀ ਮਿਡਲ ਈਸਟ ਵਿੱਚ ਤਣਾਅ ਸਿਖ਼ਰ 'ਤੇ ਹੈ। ਈਰਾਨ ਅਤੇ ਅਮਰੀਕਾ ਵਿਚਕਾਰ ਜੰਗ ਚੱਲ ਰਹੀ ਹੈ। ਦੋਵਾਂ ਦੇਸ਼ਾਂ ਵਿਚਕਾਰ ਸਮਝੌਤਾ ਵੀ ਹੋਇਆ ਸੀ, ਪਰ ਬਾਅਦ ਵਿੱਚ ਉਹ ਟੁੱਟ ਵੀ ਗਿਆ।

# ਲਿਓਨਲ ਮੈਸੀ ਨੇ ਲਿਆ ਸੰਨਿਆਸ
## ਇੰਸਟਾਗ੍ਰਾਮ ਪੋਸਟ ਰਾਹੀਂ ਕੀਤਾ ਐਲਾਨ

ਸ੍ਰੀਨਗਰ
ਸਾਂਝੀ ਸੋਚ ਬਿਊਰੋ



ਅਰਜਨਟੀਨਾ ਦੇ ਮਹਾਨ ਫੁੱਟਬਾਲਰ ਲਿਓਨਲ ਮੈਸੀ ਨੇ ਅੰਤਰਰਾਸ਼ਟਰੀ ਫੁੱਟਬਾਲ ਤੋਂ ਰਿਟਾਇਰਮੈਂਟ ਦਾ ਐਲਾਨ ਕਰ ਦਿੱਤਾ ਹੈ। ਉਨ੍ਹਾਂ ਨੇ ਇਹ ਐਲਾਨ ਸੋਮਵਾਰ ਨੂੰ ਇਕ ਇੰਸਟਾਗ੍ਰਾਮ ਪੋਸਟ ਰਾਹੀਂ ਕੀਤਾ। ਹਾਲ ਹੀ ਵਿੱਚ ਫ਼ੀਫ਼ਾ ਵਿਸ਼ਵ ਕੱਪ ਵਿੱਚ ਉਨ੍ਹਾਂ ਦੀ ਟੀਮ ਉੱਪ-ਜੇਤੂ ਰਹੀ ਸੀ।

ਫ਼ੀਫ਼ਾ ਵਿਸ਼ਵ ਕੱਪ 2026 ਦਾ ਫ਼ਾਈਨਲ ਮੈਸੀ ਦਾ ਅੰਤਰਰਾਸ਼ਟਰੀ ਫੁੱਟਬਾਲ ਵਿੱਚ ਆਖ਼ਰੀ ਮੈਚ ਰਿਹਾ। ਮੈਸੀ ਨੇ ਅਰਜਨਟੀਨਾ ਲਈ 207 ਮੈਚ ਖੇਡੇ ਜਿਨ੍ਹਾਂ ਵਿੱਚ ਉਨ੍ਹਾਂ ਨੇ 125 ਗੋਲ ਕੀਤੇ ਅਤੇ 68 ਵਾਰ ਗੋਲ ਕਰਨ ਵਿੱਚ ਮਦਦ ਕੀਤੀ। ਉਨ੍ਹਾਂ ਨੇ ਅਰਜਨਟੀਨਾ ਨੂੰ ਇੱਕ ਵਿਸ਼ਵ ਕੱਪ ਅਤੇ ਦੋ ਕੋਪਾ ਅਮੈਰਿਕਾ ਦੇ ਖ਼ਿਤਾਬ ਦਿਵਾਏ। ਅੰਤਰਰਾਸ਼ਟਰੀ ਫੁੱਟਬਾਲ ਤੋਂ ਸੰਨਿਆਸ ਲੈਂਦਿਆਂ ਮੈਸੀ ਨੇ ਕਿਹਾ ਕਿ ਉਨ੍ਹਾਂ ਨੂੰ ਪਤਾ ਹੈ ਕਿ ਇਸ ਫ਼ੈਸਲੇ ਨਾਲ ਦੁੱਖ ਹੋਵੇਗਾ, ਪਰ ਉਹ ਸਮਝਦੇ ਹਨ ਕਿ ਹੁਣ ਸਮਾਂ ਆ ਗਿਆ ਹੈ। ਮੈਸੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਲਿਖਿਆ, "ਫ਼ਾਈਨਲ ਤੋਂ ਬਾਅਦ ਇੰਨਾ ਸਮਾਂ ਬੀਤਣ ਅਤੇ ਇਸ ਬਾਰੇ ਬਹੁਤ ਸੋਚਣ ਤੋਂ ਬਾਅਦ ਮੈਂ ਸਾਰਿਆਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਮੈਂ ਸੰਨਿਆਸ ਲੈ ਰਿਹਾ ਹਾਂ। ਇਹ ਇੱਕ ਅਜਿਹਾ ਫ਼ੈਸਲਾ ਸੀ ਜਿਸ ਨਾਲ ਮੈਨੂੰ ਬਹੁਤ ਦੁੱਖ ਹੋਇਆ ਅਤੇ ਹੁਣ ਵੀ ਅੰਦਰ ਤੱਕ ਦੁੱਖ ਹੋ ਰਿਹਾ ਹੈ, ਪਰ ਮੈਂ ਸਮਝਦਾ ਹਾਂ ਕਿ ਇਹੋ ਸਹੀ ਸਮਾਂ ਹੈ। ਮੈਂ ਹਮੇਸ਼ਾ ਆਪਣਾ ਸਭ ਕੁਝ ਦਿੱਤਾ, ਨਾ ਸਿਰਫ਼ ਇਹਨਾਂ ਕੁਝ ਸਾਲਾਂ ਵਿੱਚ ਜਦੋਂ ਅਸੀਂ ਸਭ ਕੁਝ ਜਿੱਤਿਆ, ਸਗੋਂ ਉਸ ਤੋਂ ਪਹਿਲਾਂ ਵੀ। ਮੈਂ ਹਮੇਸ਼ਾ ਇਸ ਜਰਸੀ ਲਈ ਸੰਘਰਸ਼ ਕੀਤਾ ਅਤੇ ਆਪਣਾ ਸਭ ਕੁਝ ਦਿੱਤਾ ਤਾਂ ਜੋ ਤੁਹਾਨੂੰ ਖ਼ੁਸ਼ੀ ਦੇ ਸਕਾਂ ਅਤੇ ਫੁੱਟਬਾਲ ਦੇ ਜ਼ਰੀਏ ਤੁਹਾਨੂੰ ਅਰਜਨਟੀਨਾ ਦੇ ਹੋਣ 'ਤੇ ਮਾਣ ਮਹਿਸੂਸ ਕਰਵਾ ਸਕਾਂ।"

# ਅੰਨਾ ਹਜ਼ਾਰੇ ਦੀ ਵਿਗੜੀ ਤਬੀਅਤ, ਮੁੰਬਈ ਦੇ ਹਸਪਤਾਲ 'ਚ ਕਰਵਾਇਆ ਗਿਆ ਭਰਤੀ

ਮੁੰਬਈ
ਸਾਂਝੀ ਸੋਚ ਬਿਊਰੋ



ਉੱਘੇ ਸਮਾਜਿਕ ਕਾਰਕੁਨ ਅੰਨਾ ਹਜ਼ਾਰੇ ਦੀ ਤਬੀਅਤ ਅਚਾਨਕ ਵਿਗੜ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਗੰਭੀਰ ਵਾਇਰਲ ਸੰਕਰਮਣ ਦੀ ਸ਼ਿਕਾਇਤ ਕਾਰਨ ਅੰਨਾ ਹਜ਼ਾਰੇ ਨੂੰ ਮੁੰਬਈ ਦੇ ਇੱਕ ਪ੍ਰਮੁੱਖ ਹਸਪਤਾਲ ਦੇ ਆਈਸੀਯੂ ਵਿੱਚ ਭਰਤੀ ਕਰਵਾਇਆ ਗਿਆ ਹੈ। ਫ਼ਿਲਹਾਲ ਉਨ੍ਹਾਂ ਦੀ ਤਬੀਅਤ ਸਥਿਰ ਦੱਸੀ ਜਾ ਰਹੀ ਹੈ।

ਦੱਸਿਆ ਜਾ ਰਿਹਾ ਹੈ ਕਿ ਅੰਨਾ ਹਜ਼ਾਰੇ ਦੀ ਤਬੀਅਤ ਪਿਛਲੇ ਕੁਝ ਦਿਨਾਂ ਤੋਂ ਖ਼ਰਾਬ ਚੱਲ ਰਹੀ ਸੀ। ਉਨ੍ਹਾਂ 'ਚ ਤੇਜ਼ ਬੁਖ਼ਾਰ, ਕਮਜ਼ੋਰੀ, ਖੰਘ ਅਤੇ ਸਰੀਰ ਵਿੱਚ ਪਾਣੀ ਦੀ ਘਾਟ ਦੇ ਲੱਛਣ ਦਿਖਾਈ ਦਿੱਤੇ ਸਨ। ਜਾਂਚ ਤੋਂ ਬਾਅਦ ਡਾਕਟਰਾਂ ਨੇ ਸਥਿਤੀ ਨੂੰ ਗੰਭੀਰ ਮੰਨਦਿਆਂ ਉਨ੍ਹਾਂ ਨੂੰ ਤੁਰੰਤ ਆਈਸੀਯੂ ਵਿੱਚ ਸ਼ਿਫ਼ਟ ਕਰ ਦਿੱਤਾ।

# ਫੋਨਪੇਅ ਨੇ ਸ਼ੁਰੂ ਕੀਤੀ ਨਵੀ ਸਰਵਿਸ
## ਬਿਨਾਂ ਇੰਟਰਨੈੱਟ ਦੇ ਵੀ ਹੋਵੇਗੀ ਯੂਪੀਆਈ ਪੇਮੈਂਟ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਫਿਨਟੈੱਕ ਕੰਪਨੀ ਫੋਨਪੇਅ ਨੇ ਅੱਜ ਤੋਂ ਫੀਚਰ ਫੋਨ ਵਰਤਣ ਵਾਲੇ ਯੂਜ਼ਰਸ ਲਈ ਇੱਕ ਨਵੀਂ ਪੇਮੈਂਟ ਸਰਵਿਸ ਸ਼ੁਰੂ ਕੀਤੀ ਹੈ। ਕੰਪਨੀ ਨੇ 'ਫੋਨਪੇਅ ਯੂਪੀਆਈ 123ਪੇ' ਫੀਚਰ ਲਾਂਚ ਕੀਤਾ ਹੈ।

ਜਿਸ ਨਾਲ ਬਿਨਾਂ ਇੰਟਰਨੈੱਟ ਕਨੈਕਸ਼ਨ ਦੇ ਯੂਪੀਆਈ ਟ੍ਰਾਂਜ਼ੈਕਸ਼ਨ ਕੀਤਾ ਜਾ ਸਕੇਗਾ। ਨਾਲ ਹੀ 12 ਭਾਸ਼ਾਵਾਂ ਵਿੱਚ ਏਆਈ ਵਾਇਸ ਅਸਿਸਟੈਂਸ ਤੋਂ ਮਦਦ ਵੀ ਮਿਲੇਗੀ। ਇਸ ਦੇ ਨਾਲ ਹੀ ਫੋਨਪੇਅ ਦੇਸ਼ ਦਾ ਪਹਿਲਾ ਅਜਿਹਾ ਵੱਡਾ ਥਰਡ-ਪਾਰਟੀ ਐਪਲੀਕੇਸ਼ਨ ਪ੍ਰੋਵਾਈਡਰ ਬਣ ਗਿਆ ਹੈ, ਜਿਸ ਨੇ ਫੀਚਰ ਫੋਨ ਯੂਜ਼ਰਸ ਲਈ ਇਹ ਡਿਜੀਟਲ ਪੇਮੈਂਟ ਸਰਵਿਸ ਸ਼ੁਰੂ ਕੀਤੀ ਹੈ। ਇਸ ਦਾ ਫ਼ਾਇਦਾ ਦੇਸ਼ ਵਿੱਚ ਫੀਚਰ ਫੋਨ ਵਰਤ ਰਹੇ 20 ਕਰੋੜ ਤੋਂ ਵੱਧ ਯੂਜ਼ਰਸ ਨੂੰ ਮਿਲੇਗਾ। ਫੋਨਪੇਅ ਦੇ ਅਨੁਸਾਰ, ਇਹ ਸੇਵਾ ਉਸ ਦੀ ਮਲਕੀਅਤ ਵਾਲੀ ਤਕਨਾਲੋਜੀ 'ਤੇ ਆਧਾਰਿਤ ਹੈ ਅਤੇ ਲੈਣ-ਦੇਣ ਨੂੰ ਸੀਮਤ 2ਜੀ ਕਨੈਕਟੀਵਿਟੀ ਵਾਲੇ ਖੇਤਰਾਂ ਵਿੱਚ ਵੀ ਭਰੋਸੇਮੰਦ ਬਣਾਉਣ ਲਈ ਐੱਸਐੱਮਐੱਸ ਆਧਾਰਿਤ ਢਾਂਚੇ ਦੀ ਵਰਤੋਂ ਕਰਦੀ ਹੈ।

ਕੰਪਨੀ ਨੇ ਇਸ ਸੇਵਾ ਨੂੰ ਆਪਣੇ ਉਪਕਰਨਾਂ ਵਿੱਚ ਪਹਿਲਾਂ ਤੋਂ ਉਪਲਬਧ ਕਰਵਾਉਣ ਲਈ ਨੋਕੀਆ, ਐੱਚਐੱਮਡੀ, ਲਾਵਾ ਇੰਟਰਨੈਸ਼ਨਲ ਅਤੇ ਆਈਟੈੱਲ ਮੋਬਾਈਲ ਵਰਗੇ ਮੋਬਾਈਲ ਫੋਨ ਨਿਰਮਾਤਿਆਂ ਨਾਲ ਸਾਂਝੇਦਾਰੀ ਕੀਤੀ ਹੈ।

ਫੋਨਪੇਅ ਦੇ ਸੰਸਥਾਪਕ ਅਤੇ ਮੁੱਖ ਕਾਰਜਕਾਰੀ ਅਧਿਕਾਰੀ (ਸੀਈਓ) ਸਮੀਰ ਨਿਗਮ ਨੇ ਕਿਹਾ, "ਫੋਨਪੇਅ ਯੂਪੀਆਈ 123ਪੇ ਰਾਹੀਂ ਫੀਚਰ ਫੋਨ 'ਤੇ ਯੂਪੀਆਈ ਲਿਆਉਣ ਨਾਲ ਡਿਜੀਟਲ ਭੁਗਤਾਨ ਦਾ ਲਾਭ ਦੇਸ਼ ਦੇ ਹਰ ਕੋਨੇ ਤੱਕ ਪਹੁੰਚੇਗਾ।"

ਉਨ੍ਹਾਂ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਅਗਲੇ 30 ਕਰੋੜ ਵਰਤੋਂਕਾਰਾਂ ਨੂੰ ਡਿਜੀਟਲ ਭੁਗਤਾਨ ਦੇ ਘੇਰੇ ਵਿੱਚ ਲਿਆਉਣਾ ਹੈ।




SANJHA ਪੰਜਾਬ USA
SANJHA PUNJAB USA
PRESENTS
Sufi Sham
with
HANSRAJ HANS
LIVE IN USA
HANSRAJ HANS
USA TOUR
2026
SEPT 5TH, 2026 (SATURDAY) | AT 8:00 PM
The Space at Westburry
250 Post Ave, Westbury, NY 11590
BRING YOUR FAMILY & FRIENDS
DON'T MISS IT!
FOR MORE INFO:
S. Balwinder S. Bajwa | +1 (516) 852-2222


WHOLE HOME SOLAR & BATTERY
STARTING AT $25,000
For a standard 5kW Solar & 14kWh Battery system
Roof or main panel upgrades not included
Clear & Up-Front Pricing
High-Efficiency Components
Permits and Utility Approvals Included
Protect Existing NEM 2.0
(Via Non-Export Configuration)
CALL HARRY FOR A QUOTE | (925) 537-2732
Harkaran Singh (HIS Registration #167489 SP) AUTHORIZED REPRESENTATIVE FOR TSP SOLAR SALES AND SERVICES (DBA TSP ROOFING AND SOLAR)
CSLB Contractor License #1096233 • C-10 Electrical, C-39 Roofing, B-General Building
Pricing & offer details vary by location & applicant.


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਡੀਏਵੀ ਕਾਲਜ ਜਲੰਧਰ ਦੇ ਐੱਨ ਐੱਸ ਐੱਸ ਯੂਨਿਟ ਅਤੇ ਰੈੱਡ ਰਿਬਨ ਕਲੱਬ ਵੱਲੋਂ ਅੰਤਰ-ਰਾਸ਼ਟਰੀ ਖੇਡ ਦਿਵਸ ਮਨਾਇਆ ਗਿਆ

ਜਲੰਧਰ
ਸਾਂਝੀ ਸੋਚ ਬਿਊਰੋ

ਡੀਏਵੀ ਕਾਲਜ ਜਲੰਧਰ ਦੇ ਐੱਨ ਐੱਸ ਐੱਸ ਯੂਨਿਟ ਅਤੇ ਰੈੱਡ ਰਿਬਨ ਕਲੱਬ ਵੱਲੋਂ, ਪ੍ਰਿੰਸੀਪਲ ਡਾ. ਅਨੂਪ ਕੁਮਾਰ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੰਤਰ-ਰਾਸ਼ਟਰੀ ਖੇਡ ਦਿਵਸ ਮਨਾਇਆ ਗਿਆ। ਐੱਨ ਐੱਸ ਐੱਸ ਦੇ ਇੰਚਾਰਜ ਡਾ. ਸਾਹਿਬ ਸਿੰਘ ਨੇ ਇਸ ਦੌਰਾਨ ਵਲੰਟੀਅਰਜ਼ ਨਾਲ਼ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਖੇਡਾਂ ਸਾਡੇ ਜੀਵਨ ਵਿੱਚ ਅਹਿਮ ਰੋਲ ਅਦਾ ਕਰਦੀਆਂ ਹਨ ਅਤੇ ਸਾਨੂੰ ਇਹਨਾਂ ਨਾਲ ਜੁੜੇ ਰਹਿਣਾ ਚਾਹੀਦਾ ਹੈ। ਆਰਮੀ ਵਿੰਗ ਦੇ ਇੰਚਾਰਜ ਡਾ. ਸੁਨੀਲ ਠਾਕੁਰ ਨੇ ਮਨੁੱਖ ਦੀ ਜ਼ਿੰਦਗੀ ਵਿੱਚ ਖੇਡਾਂ ਦੀ ਮਹੱਤਤਾ ਬਾਰੇ ਬਹੁਤ ਹੀ ਮਹੱਤਵਪੂਰਨ ਭਾਸ਼ਣ ਦਿੱਤਾ। ਉਹਨਾਂ ਨੇ ਕਿਹਾ ਕਿ ਵਰਤਮਾਨ ਦੌਰ ਵਿੱਚ ਖੇਡਾਂ ਦੀ ਅਹਿਮੀਅਤ ਪਹਿਲਾਂ ਨਾਲ਼ੋਂ ਵੀ ਜ਼ਿਆਦਾ ਬਣ ਗਈ ਹੈ ਕਿਉਂਕਿ ਸਾਡੀ ਨੌਜਵਾਨ ਪੀੜੀ ਜ਼ਿਆਦਾਤਰ ਆਪਣਾ ਸਮਾਂ ਸਕਰੀਨ ਦੇਖਣ ਉੱਪਰ ਬਿਤਾ ਰਹੀ ਹੈ ਜੋ ਕਿ ਭਵਿੱਖ ਲਈ ਬਹੁਤ ਹੀ ਚਿੰਤਾਜਨਕ ਵਿਸ਼ਾ ਹੈ। ਸਾਨੂੰ ਸਕਰੀਨ ਵਾਲ਼ੀਆਂ ਇੰਡੋਰ ਖੇਡਾਂ ਛੱਡ ਕੇ ਆਊਟਡੋਰ ਖੇਡਾਂ ਵੱਲ ਆਉਣਾ ਚਾਹੀਦਾ ਹੈ, ਖੇਡ ਦੇ ਮੈਦਾਨਾਂ ਵੱਲ ਨਿਕਲਣਾ ਚਾਹੀਦਾ ਹੈ, ਤਾਂ ਜੋ ਅਸੀਂ ਤੰਦਰੁਸਤ ਰਹਿ ਕੇ ਇੱਕ ਚੰਗੇ ਸਮਾਜ ਦੀ ਸਿਰਜਣਾ ਕਰ ਸਕੀਏ। ਇਸ ਮੌਕੇ ਐੱਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਪ੍ਰੋ. ਸੁਰੁਚੀ ਕਾਟਲਾ ਨੇ ਵੀ ਖੇਡਾਂ ਬਾਰੇ ਪ੍ਰੰਪਰਕ ਹਵਾਲਿਆਂ ਨਾਲ਼ ਬਹੁਤ ਹੀ ਮਹੱਤਵਪੂਰਨ ਗੱਲਬਾਤ ਸਾਂਝੀ ਕੀਤੀ। ਵਲੰਟੀਅਰ ਭਵਨੀਤ ਸਿੰਘ ਨੇ ਇਸ ਮੌਕੇ ਖੇਡਾਂ ਨਾਲ ਜੁੜੀ ਇੱਕ ਬਹੁਤ ਹੀ ਖ਼ੂਬਸੂਰਤ ਆਪਣੀ ਲਿਖੀ ਕਵਿਤਾ ਪੇਸ਼ ਕੀਤੀ। ਐੱਨਐੱਸਐੱਸ ਕੁਆਰਡੀਨੇਟਰ ਡਾ. ਸਾਹਿਬ ਸਿੰਘ ਨੇ ਵਲੰਟੀਅਰਜ਼ ਦੁਆਰਾ ਇਸ ਈਵੈਂਟ ਨੂੰ ਕਾਮਯਾਬ ਬਣਾਉਣ ਲਈ ਸਭ ਦਾ ਧੰਨਵਾਦ ਕਰਦਿਆਂ ਸਹੁੰ ਚੁੱਕੀ ਕਿ ਉਹ ਕਸਰਤ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਅਪਨਾਉਣਗੇ।




# ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ ਸੋਮਨਾਥ ਸਵਾਭਿਮਾਨ ਪਰਵ ਤਹਿਤ ਲੈਕਚਰ ਅਤੇ ਯੁਵਕ ਸੰਵਾਦ ਕਰਵਾਏ ਗਏ

ਸਠਿਆਲਾ
ਡਾ.ਰਜਿੰਦਰ ਰਿਖੀ

ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋਫੈਸਰ ਡਾ. ਕਰਮਜੀਤ ਸਿੰਘ ਅਤੇ ਡੀਨ, ਕਾਲਜ ਵਿਕਾਸ ਕੌਂਸਲ ਪ੍ਰੋਫੈਸਰ ਡਾ. ਸਰੋਜ ਅਰੋੜਾ ਦੀ ਰਹਿਨੁਮਾਈ ਹੇਠ ਅਤੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਵਿੱਚ 'ਸੋਮਨਾਥ ਸਵਾਭਿਮਾਨ ਪਰਵ' ਤਹਿਤ ਲੈਕਚਰ ਅਤੇ ਯੁਵਕ ਸੰਵਾਦ ਕਰਵਾਇਆ ਗਿਆ।ਇਸ ਮੌਕੇ ਕਾਮਰਸ ਵਿਭਾਗ ਦੇ ਹੀਰਾ ਲਾਲ ਵੱਲੋਂ ਸੋਮਨਾਥ ਮੰਦਰ ਦੇ ਇਤਿਹਾਸ ਅਤੇ ਸੱਭਿਆਚਾਰਕ ਮਹੱਤਤਾ ਸਬੰਧੀ ਜਾਣਕਾਰੀ ਦਿੱਤੀ ਗਈ। ਯੁਵਕ ਸੰਵਾਦ ਦੌਰਾਨ ਬੀ.ਏ. ਸਮੈਸਟਰ ਪੰਜਵਾਂ ਦੇ ਹਰਸ਼ਦੀਪ ਸਿੰਘ, ਬੀਐਸਸੀ ਸਮੈਸਟਰ ਪੰਜਵਾਂ ਦੀਆਂ ਹਰਸਿਮਰਨ ਕੌਰ ਅਤੇ ਰਮਨਦੀਪ ਕੌਰ ਅਤੇ ਬੀ.ਕਾਮ. ਸਮੈਸਟਰ ਤੀਜਾ ਦੀ ਲਵਪ੍ਰੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ 'ਸਵਾਭਿਮਾਨ' ਦੇ ਸੰਕਲਪ ਨੂੰ ਵਿਦਿਆਰਥੀਆਂ ਦੀ ਜ਼ਿੰਦਗੀ ਨਾਲ ਜੋੜਦਿਆਂ ਕਿਹਾ ਕਿ ਸਵਾਭਿਮਾਨ ਸਿਰਫ਼ ਆਪਣੀ ਵਿਰਾਸਤ ਪ੍ਰਤੀ ਮਾਣ ਨਹੀਂ, ਸਗੋਂ ਆਪਣੀ ਪਹਿਚਾਣ, ਕਦਰਾਂ-ਕੀਮਤਾਂ ਅਤੇ ਸਿਧਾਂਤਾਂ ਪ੍ਰਤੀ ਦ੍ਰਿੜ ਰਹਿਣ ਦੀ ਤਾਕਤ ਹੈ। ਉਨ੍ਹਾਂ ਕਿਹਾ ਕਿ ਜਿਵੇਂ ਸੋਮਨਾਥ ਨੇ ਚੁਣੌਤੀਆਂ ਦੇ ਬਾਵਜੂਦ ਆਪਣੀ ਹੋਂਦ ਕਾਇਮ ਰੱਖੀ, ਉਸੇ ਤਰ੍ਹਾਂ ਵਿਦਿਆਰਥੀਆਂ ਨੂੰ ਵੀ ਜੀਵਨ ਦੀਆਂ ਮੁਸ਼ਕਲਾਂ ਅਤੇ ਅਸਫਲਤਾਵਾਂ ਦੇ ਬਾਵਜੂਦ ਆਪਣਾ ਆਤਮ-ਵਿਸ਼ਵਾਸ ਅਤੇ ਸਵਾਭਿਮਾਨ ਕਾਇਮ ਰੱਖਣਾ ਚਾਹੀਦਾ ਹੈ। ਅੰਗਰੇਜ਼ੀ ਵਿਭਾਗ ਦੇ ਕਰਮਬੀਰ ਸਿੰਘ ਨੇ ਕੋਆਰਡੀਨੇਟਰ ਦੀ ਭੂਮਿਕਾ ਨਿਭਾਈ। ਇਸ ਮੌਕੇ ਹੀਰਾ ਲਾਲ, ਮਨਦੀਪ ਸਿੰਘ, ਰੋਹਿਤ ਗੁਪਤਾ, ਗਗਨ ਸ਼ਰਮਾ ਅਤੇ ਸੁਖਦੀਪ ਕੌਰ ਸ਼ਾਮਿਲ ਸਨ।



# ਚੀਮਾਬਾਠ ਵਿੱਚ ਵਿੱਤੀ ਸਾਖਰਤਾ ਸਿਖਲਾਈ ਜਾਗ੍ਰਿਤੀ ਕੈਂਪ ਲਗਾ ਕੇ ਲੋਕਾਂ ਨੂੰ ਸਰਕਾਰੀ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ

ਰਈਆ
ਡਾ.ਰਜਿੰਦਰ ਰਿਖੀ

ਲੜਕੀਆਂ ਲਈ ਖੁੱਲੇਗਾ ਮੁਫ਼ਤ ਸਿਲਾਈ ਸੈਂਟਰ, ਚਾਹ ਤੇ ਬ੍ਰੇਕਫਾਸਟ ਵੀ ਮਿਲੇਗਾ।ਅੱਜ ਪਿੰਡ ਚੀਮਾਂਬਾਠ ਵਿੱਚ ਸਰਕਾਰੀ ਸਹੂਲਤਾਂ ਨੂੰ ਘਰ ਘਰ ਤੱਕ ਪਹਚਾਉਣ ਲਈ ਸੀ.ਐਫ.ਐਲ ਵੱਲੋਂ ਵਿੱਤੀ ਸ਼ਾਖਰਤਾ ਸਿਖਲਾਈ ਜਾਗ੍ਰਿਤੀ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫ਼ੀਲਡ ਕੁਆਰਡੀਨੇਟਰ ਗੁਰਜੀਤ ਕੌਰ ਨੇ ਦੱਸਿਆ ਕਿ ਸੀ. ਐਫ. ਐਲ ਇੱਕ ਆਰ.ਬੀ.ਆਈ ਦਾ ਪ੍ਰੋਜੈਸਟ ਹੈ ਤੇ ਅਸੀਂ ਪਿੰਡ ਪਿੰਡ ਘਰ ਘਰ ਜਾਕੇ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਮੁਫ਼ਤ ਯੋਜਨਾਵਾਂ ਬਾਰੇ ਜਾਣਕਾਰੀ ਦਿੰਦੇ ਹਾਂ।

ਜੋ ਲੋਕ ਇਸਦਾ ਲਾਭ ਉਠਾ ਸਕਣ ਉਹਨਾ ਦਸਿਆ ਕਿ ਬਹੁਤ ਸਾਰੀਆਂ ਸਰਕਾਰੀ ਯੋਜਨਾਵਾਂ ਜਿਵੇਂ ਕਿ ਜੀਰੋ ਬਕਾਇਆ ਬੈਂਕ ਬੱਚਤ ਖਾਤਾ, ਪ੍ਰਧਾਨ ਮੰਤਰੀ ਜਨ ਧੰਨ ਯੋਜਨਾ, ਸੁਕੰਨਿਆ ਸਮਰਿੱਧੀ ਯੋਜਨਾ, ਸਾਵਧ ਜਮ੍ਹਾ ਖਾਤਾ (ਐਫ.ਡੀ), ਆਵਰਤ ਜਮਾਂ ਖਾਤਾ (ਆਰ.ਡੀ) ਸਮਾਨਜ ਭਵਿੱਖ ਨਿਧੀ, ਰਾਸ਼ਟਰੀ ਪੈਨਸ਼ਨ ਯੋਜਨਾ, ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ, ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ, ਆਦਿ ਬਾਰੇ ਜਾਣਕਾਰੀ ਦਿੱਤੀ ਗਈ।

ਜੋ ਸਰਕਾਰ ਵੱਲੋਂ ਮੁਫ਼ਤ ਹੈ ਉਹਨਾਂ ਕਿਹਾ ਕੇ ਪਿੰਡ ਚੀਮਾਂ ਬਾਠ ਵਿੱਚ ਇੱਕ ਸਿਲਾਈ ਸੈਂਟਰ ਖੋਲਿਆ ਜਾ ਰਿਹਾ ਹੈ ਤੇ ਸਿਲਾਈ ਸਿੱਖਣ ਲਈ ਸਿਲਾਈ ਮਸ਼ੀਨਾਂ ਸਰਕਾਰ ਦੇਵੇਗੀ।

ਟ੍ਰੇਨਿੰਗ ਦੌਰਾਨ ਚਾਹ ਤੇ ਬ੍ਰੇਕਫਾਸਟ ਰੋਜਾਨਾ ਮੁਫ਼ਤ ਦਿੱਤਾ ਜਾਵੇਗਾ ਤੇ ਟ੍ਰੇਨਿੰਗ ਪੂਰੀ ਕਰਨ ਵਾਲੀਆਂ ਲੜਕੀਆਂ ਨੂੰ ਸਰਟੀਫਿਕੇਟ ਦਿੱਤੇ ਜਾਣਗੇ।

ਉਹਨਾਂ ਕਿਹਾ ਕੇ ਲੋਕਾਂ ਨੂੰ ਇਹਨਾਂ ਸਕੀਮਾਂ ਦਾ ਫਾਇਦਾ ਲੈਣਾ ਚਾਹੀਦਾ ਹੈ ਲ ਇਸ ਮੌਕੇ ਸਰਪੰਚ ਹਰਦੇਵ ਸਿੰਘ, ਸਾਬਕਾ ਸਰਪੰਚ ਸਵਰਨ ਸਿੰਘ, ਪ੍ਰੇਮ ਸਿੰਘ, ਬਲਜਿੰਦਰ ਸਿੰਘ ਪੱਪੂ ਪੰਚ, ਸ਼ਵਨਦੀਪ ਸਿੰਘ ਪੰਚ ਆਦਿ ਹਾਜਿਰ ਸਨ।




Space available for Ad
Contact # +1 (209) 303-1260
Contact # +91 81463-20009


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ |
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥



IN LOVING MEMORY OF

# YADWINDER SINGH SEKHON

JULY 22 1936 ~ AUG 26 2026

FUNERAL
Date: Sep 05, 2026
Start: 10 AM
12341 Saratoga Sunnyvale Rd, Saratoga, CA

BHOG AND ANTIM ARDAAS
Date: Sep 05, 2026
Start: 2 PM
3636 Gurdwara Ave, San Jose, CA

Please join us as we CELEBRATE the beautiful life of a beloved husband, father, grandfather , brother and friend

# ਕੈਨੇਡਾ ਆਪਣੇ ਸਵੈਮਾਨ ਦੀ ਕੀਮਤ 'ਤੇ ਕੋਈ ਸਮਝੌਤਾ ਨਹੀਂ ਕਰੇਗਾ
# ਕੈਨੇਡੀਅਨ ਨੂੰ ਇੱਕਮੁੱਠ ਹੋਣ ਦੀ ਲੋੜ



**ਮਨਿੰਦਰ ਸਿੰਘ ਗਿੱਲ**
**ਮੈਨੇਜਿੰਗ ਡਾਇਰੈਕਟਰ,**
**'ਰੇਡੀਓ ਇੰਡੀਆ' ਸਰੀ (ਕਨੇਡਾ)**

ਕੈਨੇਡਾ ਅੱਜ-ਕੱਲ੍ਹ ਇਤਿਹਾਸ ਦੀਆਂ ਸਭ ਤੋਂ ਵੱਡੀਆਂ ਆਰਥਿਕ ਅਤੇ ਰਾਜਨੀਤੀ ਨਾਲ ਜੁੜੀਆਂ ਮੁਸ਼ਕਲਾਂ ਦਾ ਸਾਹਮਣਾ ਕਰ ਰਿਹਾ ਹੈ। ਅਮਰੀਕਾ ਨਾਲ ਵਪਾਰ ਦੀ ਗੱਲਬਾਤ ਟੁੱਟਣਾ ਸਿਰਫ਼ ਟੈਰਿਫ਼ ਜਾਂ ਬਾਜ਼ਾਰ ਤੱਕ ਪਹੁੰਚਣ ਦਾ ਝਗੜਾ ਨਹੀਂ ਹੈ। ਇਹ ਇਸ ਗੱਲ ਦਾ ਪਰਖ-ਕਾਲ ਹੈ ਕਿ ਕੀ ਕੈਨੇਡਾ ਵੱਡੇ ਆਰਥਿਕ ਦਬਾਅ ਦੇ ਬਾਵਜੂਦ ਆਪਣੀ ਆਜ਼ਾਦੀ, ਆਪਣੇ ਕਾਮਿਆਂ, ਕਾਰੋਬਾਰਾਂ ਅਤੇ ਆਪਣੀ ਵੱਖਰੀ ਪਛਾਣ ਦੀ ਰੱਖਿਆ ਕਰ ਸਕਦਾ ਹੈ।

ਝਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਸਰਕਾਰ ਵੱਲੋਂ ਉਸ ਸਮਝੌਤੇ ਨੂੰ ਮੰਨਣ ਤੋਂ ਨਾਂਹ ਕਰਨਾ ਬਿਲਕੁਲ ਸਹੀ ਸੀ, ਜਿਹੜਾ ਕੈਨੇਡਾ ਦੀ ਆਜ਼ਾਦੀ ਨਾਲ ਸਮਝੌਤਾ ਕਰਦਾ, ਦੇਸ਼ ਦੇ ਖ਼ਾਸ ਕਾਰੋਬਾਰਾਂ ਨੂੰ ਕਮਜ਼ੋਰ ਕਰਦਾ ਜਾਂ ਫਰਾਂਸੀਸੀ ਭਾਸ਼ਾ ਅਤੇ ਕੈਨੇਡੀਅਨ ਸੱਭਿਆਚਾਰ ਨੂੰ ਨੁਕਸਾਨ ਪਹੁੰਚਾਉਂਦਾ। ਇਹ ਚੀਜ਼ਾਂ ਸੌਦੇਬਾਜ਼ੀ ਕਰਨ ਲਈ ਨਹੀਂ ਹਨ। ਇਹ ਸਾਡੇ ਦੇਸ਼ ਦੀ ਪਛਾਣ ਦੀ ਨੀਂਹ ਹਨ। ਕੈਨੇਡਾ ਨੇ ਪੂਰੀ ਗੰਭੀਰਤਾ ਅਤੇ ਚੰਗੀ ਨੀਅਤ ਨਾਲ ਗੱਲਬਾਤ ਕੀਤੀ। ਪਰ ਚੰਗੀ ਨੀਅਤ ਨਾਲ ਗੱਲ ਕਰਨ ਦਾ ਮਤਲਬ ਇਹ ਨਹੀਂ ਕਿ ਧੱਕੇਸ਼ਾਹੀ ਅਤੇ ਅਨਿਆਂ ਵਾਲੀਆਂ ਸ਼ਰਤਾਂ ਮੰਨ ਲਈਆਂ ਜਾਣ। ਜਦੋਂ ਆਖ਼ਰੀ ਸਮੇਂ ਸ਼ਰਤਾਂ ਬਦਲ ਦਿੱਤੀਆਂ ਗਈਆਂ ਅਤੇ ਉਨ੍ਹਾਂ ਨੇ ਕੈਨੇਡਾ ਦੀਆਂ ਹੱਦਾਂ ਪਾਰ ਕੀਤੀਆਂ, ਤਾਂ ਸਰਕਾਰ ਨੇ ਗੱਲਬਾਤ ਉੱਥੇ ਹੀ ਰੋਕ ਦਿੱਤੀ। ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕੈਨੇਡਾ ਦਾ ਪੱਖ ਬਿਲਕੁਲ ਸਾਫ਼ ਕਰ ਦਿੱਤਾ ਹੈ, ਉਨ੍ਹਾਂ ਦਾ ਕਹਿਣਾ ਹੈ ਕਿ ਦੋਵਾਂ ਦੇਸ਼ਾਂ ਦੇ ਫ਼ਾਇਦੇ ਲਈ ਵਪਾਰਕ ਸਮਝੌਤਾ ਅਜੇ ਵੀ ਹੋ ਸਕਦਾ ਹੈ, ਪਰ ਉਸ ਲਈ ਕੈਨੇਡਾ ਦੀ ਆਜ਼ਾਦੀ ਦਾ ਸਤਿਕਾਰ ਕਰਨਾ, ਕਾਮਿਆਂ ਦਾ ਬਚਾਅ ਕਰਨਾ ਅਤੇ ਸਰਹੱਦ ਦੇ ਦੋਵਾਂ ਪਾਸਿਆਂ ਖ਼ੁਸ਼ਹਾਲੀ ਲਿਆਉਣੀ ਜ਼ਰੂਰੀ ਹੋਵੇਗੀ।

ਇਹ ਅਮਰੀਕਾ ਦੇ ਖ਼ਿਲਾਫ਼ ਜਾਣ ਵਾਲਾ ਰਵੱਈਆ ਨਹੀਂ ਹੈ। ਕੈਨੇਡਾ ਦੇ ਲੋਕ ਦੋਵਾਂ ਦੇਸ਼ਾਂ ਦੇ ਲੋਕਾਂ ਦੀ ਡੂੰਘੀ ਦੋਸਤੀ ਅਤੇ ਅਮਰੀਕਾ ਨਾਲ ਸਾਡੇ ਆਰਥਿਕ, ਸੁਰੱਖਿਆ ਅਤੇ ਭਾਈਚਾਰਕ ਰਿਸ਼ਤਿਆਂ ਦੀ ਕੀਮਤ ਸਮਝਦੇ ਹਨ। ਸਰਹੱਦ ਦੇ ਦੋਵੇਂ ਪਾਸੇ ਲੱਖਾਂ ਪਰਿਵਾਰ, ਕਾਰੋਬਾਰ ਅਤੇ ਭਾਈਚਾਰੇ ਇੱਕ-ਦੂਜੇ ਨਾਲ ਜੁੜੇ ਹੋਏ ਹਨ। ਕੈਨੇਡਾ ਨੂੰ ਆਪਣੇ ਸਭ ਤੋਂ ਨੇੜਲੇ ਗੁਆਂਢੀ ਨਾਲ ਇੱਕ ਸਹੀ ਅਤੇ ਪੱਕੇ ਸਮਝੌਤੇ ਲਈ ਕੋਸ਼ਿਸ਼ਾਂ ਜਾਰੀ ਰੱਖਣੀਆਂ ਚਾਹੀਦੀਆਂ ਹਨ। ਪਰ ਦੇਸ਼ਾਂ ਵਿਚਾਲੇ ਦੋਸਤੀ ਆਪਸੀ ਇੱਜ਼ਤ 'ਤੇ ਟਿਕੀ ਹੋਣੀ ਚਾਹੀਦੀ ਹੈ। ਮਿਲ ਕੇ ਚੱਲਣ ਦਾ ਮਤਲਬ ਕਿਸੇ ਦੇ ਅਧੀਨ ਹੋ ਕੇ ਰਹਿਣਾ ਨਹੀਂ ਹੁੰਦਾ।

ਪ੍ਰਧਾਨ ਮੰਤਰੀ ਕਾਰਨੀ ਦੇ ਇਸ ਜਵਾਬ ਨੂੰ ਸਿਰਫ਼ ਇੱਕ ਘਟਨਾ 'ਤੇ ਦਿੱਤੀ ਪ੍ਰਤੀਕਿਰਿਆ ਵਜੋਂ ਨਹੀਂ ਦੇਖਿਆ ਜਾਣਾ ਚਾਹੀਦਾ। ਇਹ ਉਸੇ ਸੋਚ ਦਾ ਅਸਲੀ ਰੂਪ ਹੈ, ਜੋ ਉਨ੍ਹਾਂ ਨੇ ਜਨਵਰੀ ਵਿੱਚ ਦਾਵੋਸ ਵਿਖੇ 'ਵਰਲਡ ਇਕਨਾਮਿਕ ਫੋਰਮ' ਵਿੱਚ ਰੱਖੀ ਸੀ। ਦਾਵੋਸ ਵਿੱਚ ਕਾਰਨੀ ਨੇ ਚਿਤਾਵਨੀ ਦਿੱਤੀ ਸੀ ਕਿ ਦੁਨੀਆ ਦਾ ਮਾਹੌਲ ਵੱਡੀਆਂ ਉਥਲ-ਪੁਥਲ ਦੇ ਦੌਰ ਵਿੱਚੋਂ ਲੰਘ ਰਿਹਾ ਹੈ। ਵਪਾਰਕ ਸਾਂਝ ਨੂੰ ਕਦੇ ਸਭ ਦੀ ਖ਼ੁਸ਼ਹਾਲੀ ਦਾ ਜ਼ਰੀਆ ਮੰਨਿਆ ਜਾਂਦਾ ਸੀ, ਪਰ ਹੁਣ ਤਾਕਤਵਰ ਦੇਸ਼ ਇਸ ਨੂੰ ਦੂਜੇ ਦੇਸ਼ਾਂ 'ਤੇ ਦਬਾਅ ਪਾਉਣ ਦੇ ਹਥਿਆਰ ਵਜੋਂ ਵਰਤ ਰਹੇ ਹਨ। ਕਾਰਨੀ ਦਾ ਜਵਾਬ ਨਾ ਤਾਂ ਸਭ ਤੋਂ ਕੱਟ ਕੇ ਵੱਖ ਹੋਣ ਦਾ ਸੀ ਅਤੇ ਨਾ ਹੀ ਸਿਰਫ਼ ਦਿਖਾਵੇ ਦੀਆਂ ਗੱਲਾਂ। ਉਨ੍ਹਾਂ ਨੇ ਕੈਨੇਡਾ ਵਰਗੇ ਮੱਧਮ ਤਾਕਤ ਵਾਲੇ ਦੇਸ਼ਾਂ ਲਈ ਇੱਕ ਸੂਝਵਾਨ ਅਤੇ ਲਾਗੂ ਹੋਣ ਯੋਗ ਯੋਜਨਾ ਪੇਸ਼ ਕੀਤੀ ਸੀ। ਕਾਰਨੀ ਦੇ ਸੰਬੋਧਨ ਵਿੱਚ ਇਸ ਗੱਲ ਦਾ ਮੁੱਖ ਸੁਨੇਹਾ ਸਾਫ਼ ਸੀ ਕਿ "ਮੱਧਮ ਤਾਕਤ ਵਾਲੇ ਦੇਸ਼ ਕਿਸੇ ਵੱਡੀ ਮਹਾਂਸ਼ਕਤੀ ਦੀ ਖ਼ੁਸ਼ਾਮਦ ਕਰਕੇ ਆਪਣੀ ਆਜ਼ਾਦੀ ਨਹੀਂ ਬਚਾ ਸਕਦੇ। ਉਨ੍ਹਾਂ ਨੂੰ ਆਪਣੇ ਦੇਸ਼ ਦੇ ਅੰਦਰ ਆਪਣੇ ਆਪ ਨੂੰ ਮਜ਼ਬੂਤ ਕਰਨਾ ਪਵੇਗਾ, ਵਪਾਰ ਅਤੇ ਨਿਵੇਸ਼ ਲਈ ਹੋਰਨਾਂ ਦੇਸ਼ਾਂ ਨਾਲ ਸਬੰਧ ਵਧਾਉਣੇ ਪੈਣਗੇ ਅਤੇ ਇੱਕੋ ਜਿਹੀ ਸੋਚ ਵਾਲੇ ਦੇਸ਼ਾਂ ਨਾਲ ਮਿਲ ਕੇ ਚੱਲਣਾ ਪਵੇਗਾ। ਕਾਰਨੀ ਨੇ ਬਹੁਤ ਯਾਦਗਾਰ ਗੱਲ ਕਹੀ ਸੀ ਕਿ ਮੱਧਮ ਤਾਕਤ ਵਾਲੇ ਦੇਸ਼ਾਂ ਨੂੰ ਇਕੱਠੇ ਕੰਮ ਕਰਨਾ ਪਵੇਗਾ, ਕਿਉਂਕਿ ਜੇ ਉਹ ਫ਼ੈਸਲੇ ਲੈਣ ਵਾਲੀ ਮੇਜ਼ 'ਤੇ ਨਹੀਂ ਬੈਠਣਗੇ, ਤਾਂ ਵੱਡੀਆਂ ਸ਼ਕਤੀਆਂ ਉਨ੍ਹਾਂ ਨੂੰ ਆਪਣਾ ਫ਼ਾਇਦਾ ਚੁੱਕਣ ਦਾ ਜ਼ਰੀਆ ਬਣਾ ਲੈਣਗੀਆਂ।"

ਕੈਨੇਡਾ ਦਾ ਅੱਜ ਦਾ ਜਵਾਬ ਸਾਬਤ ਕਰਦਾ ਹੈ ਕਿ ਦਾਵੋਸ ਵਿੱਚ ਦਿੱਤਾ ਸੁਨੇਹਾ ਸਿਰਫ਼ ਵੱਡੇ ਮੰਚ 'ਤੇ ਬੋਲੇ ਗਏ ਸੋਹਣੇ ਸ਼ਬਦ ਨਹੀਂ ਸਨ। ਕਾਰਨੀ ਨੇ ਉਹੀ ਕਰਕੇ ਦਿਖਾਇਆ ਹੈ, ਜੋ ਉਨ੍ਹਾਂ ਨੇ ਕਿਹਾ ਸੀ। ਉਨ੍ਹਾਂ ਨੇ ਆਰਥਿਕ ਤੌਰ 'ਤੇ ਦਬਣ ਦੀ ਥਾਂ ਆਪਣੀ ਆਜ਼ਾਦੀ ਨਾਲ ਫ਼ੈਸਲੇ ਲੈਣ ਦਾ ਰਾਹ ਚੁਣਿਆ ਹੈ। ਉਨ੍ਹਾਂ ਨੇ ਦਿਖਾਇਆ ਹੈ ਕਿ ਕੈਨੇਡਾ ਮਿਲ ਕੇ ਚੱਲਣ ਲਈ ਤਿਆਰ ਹੈ, ਪਰ ਆਰਥਿਕ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰੇਗਾ। ਉਨ੍ਹਾਂ ਨੇ ਇਹ ਵੀ ਸਮਝਿਆ ਹੈ ਕਿ ਆਜ਼ਾਦੀ ਦੀ ਰੱਖਿਆ ਸਿਰਫ਼ ਭਾਸ਼ਣਾਂ ਨਾਲ ਨਹੀਂ ਹੁੰਦੀ। ਇਸ ਲਈ ਆਰਥਿਕ ਤਾਕਤ, ਰਾਜਨੀਤਿਕ ਹਿੰਮਤ ਅਤੇ ਅਜਿਹੇ ਗਲੋਬਲ ਸਬੰਧ ਚਾਹੀਦੇ ਹਨ, ਜਿਨ੍ਹਾਂ ਨਾਲ ਦੇਸ਼ ਆਪਣੇ ਫ਼ੈਸਲਿਆਂ 'ਤੇ ਡਟ ਸਕੇ। ਇਹ ਸਿਧਾਂਤ ਕੈਨੇਡਾ ਨੂੰ ਅਮਰੀਕਾ ਤੋਂ ਮੂੰਹ ਮੋੜਨ ਲਈ ਨਹੀਂ ਕਹਿੰਦਾ। ਇਹ ਕੈਨੇਡਾ ਨੂੰ ਕਿਸੇ ਇੱਕ ਦੇਸ਼ 'ਤੇ ਹੱਦੋਂ ਵੱਧ ਨਿਰਭਰ ਹੋਣ ਦੇ ਖ਼ਤਰਿਆਂ ਨੂੰ ਘਟਾਉਣ ਲਈ ਜਰੂਰ ਕਹਿੰਦਾ ਹੈ। ਇਸ ਦਾ ਮਤਲਬ ਹੈ ਯੂਰਪ, ਭਾਰਤ, ਏਸ਼ੀਆ-ਪ੍ਰਸ਼ਾਂਤ ਖੇਤਰ, ਬ੍ਰਿਟੇਨ ਅਤੇ ਹੋਰ ਭਰੋਸੇਮੰਦ ਦੇਸ਼ਾਂ ਨਾਲ ਵਪਾਰ ਵਧਾਉਣਾ। ਇਸ ਦਾ ਮਤਲਬ ਆਪਣੇ ਦੇਸ਼ ਦੇ ਅੰਦਰ ਸਮਾਨ ਦੀ ਪਹੁੰਚ ਨੂੰ ਮਜ਼ਬੂਤ ਕਰਨਾ, ਊਰਜਾ ਅਤੇ ਕੁਦਰਤੀ ਸਾਧਨਾਂ ਦਾ ਸਮਝਦਾਰੀ ਨਾਲ ਵਿਕਾਸ ਕਰਨਾ, ਸੂਬਿਆਂ ਵਿਚਕਾਰ ਵਪਾਰ ਦੀਆਂ ਰੁਕਾਵਟਾਂ ਦੂਰ ਕਰਨਾ ਅਤੇ ਕੈਨੇਡਾ ਦੀ ਟੈਕਨਾਲੋਜੀ, ਕਾਰਖਾਨਿਆਂ, ਖੇਤੀਬਾੜੀ ਅਤੇ ਬੁਨਿਆਦੀ ਢਾਂਚੇ ਵਿੱਚ ਪੈਸਾ ਲਗਾਉਣਾ ਹੈ।

ਕੈਨੇਡਾ ਨੂੰ ਅਮਰੀਕਾ ਦਾ ਦੋਸਤ ਬਣਿਆ ਰਹਿਣਾ ਚਾਹੀਦਾ ਹੈ, ਪਰ ਉਸ ਨੂੰ ਕਦੇ ਵੀ ਪੈਸੇ ਜਾਂ ਰਾਜਨੀਤੀ ਦੇ ਮਾਮਲੇ ਵਿੱਚ ਅਮਰੀਕਾ ਦੇ ਅਧੀਨ ਨਹੀਂ ਹੋਣਾ ਚਾਹੀਦਾ।

ਵਪਾਰ ਦੇ ਝਗੜੇ ਸਿਰਫ਼ ਸਰਕਾਰਾਂ ਵਿਚਕਾਰ ਚੱਲਣ ਵਾਲੀਆਂ ਸਿਧਾਂਤਕ ਲੜਾਈਆਂ ਨਹੀਂ ਹੁੰਦੇ। ਇਨ੍ਹਾਂ ਦਾ ਅਸਰ ਸਟੀਲ ਕਾਮਿਆਂ, ਗੱਡੀਆਂ ਬਣਾਉਣ ਵਾਲੇ ਮੁਲਾਜ਼ਮਾਂ, ਕਿਸਾਨਾਂ, ਜੰਗਲਾਤ ਕਾਮਿਆਂ, ਛੋਟੇ ਕਾਰੋਬਾਰੀਆਂ ਅਤੇ ਪਹਿਲਾਂ ਹੀ ਮਹਿੰਗਾਈ ਤੋਂ ਦੁਖੀ ਪਰਿਵਾਰਾਂ 'ਤੇ ਪੈਂਦਾ ਹੈ। ਇਸ ਲਈ ਕੈਨੇਡਾ ਦੇ ਜਵਾਬੀ ਕਦਮ ਬਹੁਤ ਸੋਚ-ਸਮਝ ਕੇ ਚੁੱਕੇ ਹੋਣੇ ਚਾਹੀਦੇ ਹਨ ਅਤੇ ਇਸ ਨਾਲ ਪ੍ਰਭਾਵਿਤ ਕਾਮਿਆਂ ਅਤੇ ਕਾਰੋਬਾਰਾਂ ਨੂੰ ਪੂਰੀ ਮਦਦ ਮਿਲਣੀ ਚਾਹੀਦੀ ਹੈ। ਸਰਕਾਰ ਨੇ 27.6 ਅਰਬ ਡਾਲਰ ਦੇ ਅਮਰੀਕੀ ਸਾਮਾਨ 'ਤੇ ਉੱਨਾ ਹੀ ਜਵਾਬੀ ਟੈਕਸ ਲਗਾਉਣ ਦਾ ਐਲਾਨ ਕੀਤਾ ਹੈ, ਜੋ 8 ਸਤੰਬਰ ਤੋਂ ਲਾਗੂ ਹੋਵੇਗਾ। ਇਸ ਦੇ ਨਾਲ ਹੀ ਕੈਨੇਡੀਅਨ ਕਾਮਿਆਂ ਅਤੇ ਕਾਰੋਬਾਰਾਂ ਦੀ ਮਦਦ ਲਈ 7.5 ਅਰਬ ਡਾਲਰ ਦੇ ਨਵੇਂ ਮਦਦ ਪੈਕੇਜ ਦਾ ਵੀ ਐਲਾਨ ਕੀਤਾ ਗਿਆ ਹੈ। ਇਹ ਮਦਦ ਬਹੁਤ ਜ਼ਰੂਰੀ ਹੋਵੇਗੀ। ਦੇਸ਼ ਦੇ ਫ਼ਾਇਦੇ ਦੀ ਲੜਾਈ ਦੀ ਕੀਮਤ ਕੈਨੇਡਾ ਦੇ ਕਾਮਿਆਂ ਨੂੰ ਇਕੱਲਿਆਂ ਨਹੀਂ ਚੁਕਾਉਣੀ ਚਾਹੀਦੀ। ਸਰਕਾਰਾਂ ਨੂੰ ਆਰਥਿਕ ਮਦਦ, ਨੌਕਰੀਆਂ ਵਿੱਚ ਸਹਿਯੋਗ, ਨਵੇਂ ਕੰਮ ਸਿਖਾਉਣ ਅਤੇ ਨਵੇਂ ਬਾਜ਼ਾਰ ਲੱਭ ਰਹੇ ਕਾਰੋਬਾਰਾਂ ਦੀ ਮਦਦ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਕੈਨੇਡਾ ਦੇ ਨਾਗਰਿਕ ਵੀ ਜਿੱਥੇ ਹੋ ਸਕੇ, ਕੈਨੇਡਾ ਵਿੱਚ ਬਣੀਆਂ ਚੀਜ਼ਾਂ ਖ਼ਰੀਦ ਕੇ, ਸਥਾਨਕ ਕਾਰੋਬਾਰਾਂ ਦਾ ਸਾਥ ਦੇ ਕੇ ਅਤੇ ਆਪਣੇ ਦੇਸ਼ ਦੀ ਆਰਥਿਕ ਤਾਕਤ ਨੂੰ ਦੇਸ਼ ਦੀ ਆਜ਼ਾਦੀ ਦਾ ਹਿੱਸਾ ਮੰਨ ਕੇ ਆਪਣਾ ਯੋਗਦਾਨ ਪਾ ਸਕਦੇ ਹਨ।

ਵਪਾਰ ਦੀਆਂ ਗੱਲਾਂ ਦੌਰਾਨ ਕੈਨੇਡੀਅਨ ਸੱਭਿਆਚਾਰ ਅਤੇ ਫਰਾਂਸੀਸੀ ਭਾਸ਼ਾ ਦੀ ਰੱਖਿਆ ਨੂੰ ਛੋਟਾ ਮੁੱਦਾ ਨਹੀਂ ਮੰਨਿਆ ਜਾ ਸਕਦਾ। ਕੈਨੇਡਾ ਸਿਰਫ਼ ਅਮਰੀਕਾ ਦੇ ਉੱਤਰ ਵਿੱਚ ਵਸਿਆ ਇੱਕ ਬਾਜ਼ਾਰ ਨਹੀਂ ਹੈ। ਅਸੀਂ ਆਪਣੇ ਸੰਵਿਧਾਨ, ਦੋ ਸਰਕਾਰੀ ਭਾਸ਼ਾਵਾਂ, ਮੂਲਵਾਸੀ ਭਾਈਚਾਰਿਆਂ, ਅਦਾਰਿਆਂ, ਕਹਾਣੀਆਂ ਅਤੇ ਵੱਖਰੀ ਸੱਭਿਆਚਾਰਕ ਪਛਾਣ ਵਾਲਾ ਇੱਕ ਆਜ਼ਾਦ ਦੇਸ਼ ਹਾਂ। ਕੈਨੇਡਾ ਦੇ ਕਲਾਕਾਰਾਂ, ਟੀਵੀ-ਰੇਡੀਓ ਅਦਾਰਿਆਂ, ਕਿਤਾਬਾਂ ਛਾਪਣ ਵਾਲਿਆਂ ਅਤੇ ਸੱਭਿਆਚਾਰਕ ਕੰਮਾਂ ਨੂੰ ਮਦਦ ਦੇਣ ਦੀ ਸਾਡੀ ਸਮਰੱਥਾ ਕਰਕੇ ਹੀ ਕੈਨੇਡੀਅਨ ਆਵਾਜ਼ਾਂ ਦੁਨੀਆ ਦੇ ਸਭ ਤੋਂ ਵੱਡੇ ਮਨੋਰੰਜਨ ਬਾਜ਼ਾਰ ਦੇ ਸਾਹਮਣੇ ਆਪਣੀ ਵੱਖਰੀ ਪਛਾਣ ਬਣਾ ਕੇ ਰੱਖ ਸਕਦੀਆਂ ਹਨ। ਫਰਾਂਸੀਸੀ ਭਾਸ਼ਾ ਦੇ ਹੱਕਾਂ ਦੀ ਰੱਖਿਆ ਵੀ ਕੈਨੇਡਾ ਦੇ ਬੁਨਿਆਦੀ ਢਾਂਚੇ ਅਤੇ ਦੇਸ਼ ਦੀ ਏਕਤਾ ਲਈ ਉੱਨੀ ਹੀ ਜ਼ਰੂਰੀ ਹੈ। ਅਜਿਹਾ ਵਪਾਰਕ ਸਮਝੌਤਾ, ਜੋ ਕੈਨੇਡਾ ਦੀਆਂ ਭਾਸ਼ਾਵਾਂ ਅਤੇ ਸੱਭਿਆਚਾਰ ਨੂੰ ਬਚਾਉਣ ਦੀ ਤਾਕਤ ਨੂੰ ਘੱਟ ਕਰਦਾ ਹੋਵੇ, ਉਸ ਦਾ ਨੁਕਸਾਨ ਸਿਰਫ਼ ਆਰਥਿਕ ਨਹੀਂ ਹੋਵੇਗਾ। ਉਹ ਕੈਨੇਡਾ ਦੀ ਆਪਣੀ ਪਛਾਣ ਆਪ ਤੈਅ ਕਰਨ ਦੀ ਤਾਕਤ ਨੂੰ ਕਮਜ਼ੋਰ ਕਰੇਗਾ। ਇਸ ਲਈ ਸਰਕਾਰ ਵੱਲੋਂ ਇਹ ਸਾਫ਼ ਕਰਨਾ ਬਿਲਕੁਲ ਸਹੀ ਸੀ ਕਿ ਕੈਨੇਡਾ ਦੀ ਆਜ਼ਾਦੀ, ਮੁੱਖ ਕਾਰੋਬਾਰ, ਫਰਾਂਸੀਸੀ ਭਾਸ਼ਾ ਅਤੇ ਸੱਭਿਆਚਾਰ 'ਤੇ ਕਦੇ ਵੀ ਸੌਦੇਬਾਜ਼ੀ ਨਹੀਂ ਹੋ ਸਕਦੀ। ਇਹ ਪੂਰੇ ਦੇਸ਼ ਦਾ ਮੁੱਦਾ ਹੈ ਕਿਸੇ ਇੱਕ ਰਾਜਨੀਤਿਕ ਪਾਰਟੀ ਦਾ ਨਹੀਂ।

ਟੈਕਸਾਂ, ਮਦਦ ਪ੍ਰੋਗਰਾਮਾਂ ਅਤੇ ਗੱਲਬਾਤ ਦੇ ਤਰੀਕਿਆਂ 'ਤੇ ਬਹਿਸ ਹੋ ਸਕਦੀ ਹੈ ਅਤੇ ਸੰਸਦ ਦੀ ਨਜ਼ਰ ਵੀ ਰਹਿਣੀ ਚਾਹੀਦੀ ਹੈ। ਪਰ ਪਾਰਟੀਬਾਜ਼ੀ ਕਰਕੇ ਕੈਨੇਡਾ ਦਾ ਮੁੱਖ ਪੱਖ ਕਮਜ਼ੋਰ ਨਹੀਂ ਹੋਣਾ ਚਾਹੀਦਾ। ਇਹ ਉਹ ਸਮਾਂ ਹੈ ਜਦੋਂ ਲਿਬਰਲ ਸਰਕਾਰ, ਕੰਜ਼ਰਵੇਟਿਵ ਪਾਰਟੀ, ਨਿਊ ਡੈਮੋਕ੍ਰੈਟਿਕ ਪਾਰਟੀ, ਬਲਾਕ ਕਿਊਬੈਕਵਾ, ਗ੍ਰੀਨ ਪਾਰਟੀ, ਸੂਬਿਆਂ ਦੇ ਮੁੱਖ ਮੰਤਰੀ, ਮੂਲਵਾਸੀ ਆਗੂ, ਮਜ਼ਦੂਰ ਜਥੇਬੰਦੀਆਂ ਅਤੇ ਵਪਾਰੀ ਵਰਗ ਇੱਕ ਮੁੱਖ ਗੱਲ 'ਤੇ ਇਕੱਠੇ ਹੋਣ ਕੈਨੇਡਾ ਆਪਣੇ ਕਾਨੂੰਨਾਂ ਦਾ ਫ਼ੈਸਲਾ ਆਪ ਕਰੇਗਾ, ਆਪਣੇ ਸੱਭਿਆਚਾਰ ਨੂੰ ਆਪ ਬਚਾਏਗਾ ਅਤੇ ਆਪਣਾ ਭਵਿੱਖ ਆਪ ਤੈਅ ਕਰੇਗਾ।

ਰਾਜਨੀਤਿਕ ਪਾਰਟੀਆਂ ਦੇ ਦੇਸ਼ ਦੇ ਅੰਦਰੂਨੀ ਮੁੱਦਿਆਂ 'ਤੇ ਮਤਭੇਦ ਹੋ ਸਕਦੇ ਹਨ, ਪਰ ਬਾਹਰੋਂ ਆਉਂਦੇ ਆਰਥਿਕ ਦਬਾਅ ਖ਼ਿਲਾਫ਼ ਸਭ ਨੂੰ ਇਕੱਠੇ ਹੋ ਕੇ ਖੜ੍ਹਨਾ ਚਾਹੀਦਾ ਹੈ। ਸਾਡੇ ਅਮਰੀਕੀ ਸਾਥੀਆਂ ਨੂੰ ਇਹ ਸਮਝਣਾ ਪਵੇਗਾ ਕਿ ਕੈਨੇਡਾ ਦੀ ਆਜ਼ਾਦੀ ਕਿਸੇ ਇੱਕ ਪ੍ਰਧਾਨ ਮੰਤਰੀ ਜਾਂ ਇੱਕ ਪਾਰਟੀ ਦੀ ਜਾਇਦਾਦ ਨਹੀਂ ਹੈ। ਇਹ ਹਰ ਕੈਨੇਡੀਅਨ ਦੀ ਹੈ। ਇਤਿਹਾਸ ਇਹ ਯਾਦ ਰੱਖੇਗਾ ਕਿ ਅਸੀਂ ਇਸ ਮੁਸ਼ਕਲ ਦਾ ਸਾਹਮਣਾ ਡਰ ਅਤੇ ਫੁੱਟ ਨਾਲ ਕੀਤਾ ਸੀ ਜਾਂ ਵਿਸ਼ਵਾਸ ਅਤੇ ਏਕਤਾ ਨਾਲ।

ਪ੍ਰਧਾਨ ਮੰਤਰੀ ਕਾਰਨੀ ਨੇ ਆਪਣੇ ਦਾਵੋਸ ਵਾਲੇ ਸਿਧਾਂਤ ਨੂੰ ਅਸਲ ਜ਼ਿੰਦਗੀ 'ਚ ਲਾਗੂ ਕਰ ਦਿੱਤਾ ਹੈ। ਉਨ੍ਹਾਂ ਨੇ ਦਿਖਾ ਦਿੱਤਾ ਹੈ ਕਿ ਇੱਕ ਮੱਧਮ ਤਾਕਤ ਵਾਲਾ ਦੇਸ਼ ਬੇਵੱਸ ਨਹੀਂ ਹੁੰਦਾ ਅਤੇ ਕਿਸੇ ਵੱਡੀ ਸ਼ਕਤੀ ਨਾਲ ਰਿਸ਼ਤੇ ਬਣਾਈ ਰੱਖਣ ਲਈ ਆਪਣੀ ਇੱਜ਼ਤ ਵੇਚਣੀ ਜ਼ਰੂਰੀ ਨਹੀਂ ਹੁੰਦੀ। ਕੈਨੇਡਾ ਨੂੰ ਗੱਲਬਾਤ ਲਈ ਤਿਆਰ ਰਹਿਣਾ ਚਾਹੀਦਾ ਹੈ। ਉਸ ਨੂੰ ਸਮਝਦਾਰ, ਰਚਨਾਤਮਕ ਅਤੇ ਇੱਜ਼ਤ ਦੇਣ ਵਾਲਾ ਵੀ ਬਣਨਾ ਪਵੇਗਾ। ਪਰ ਉਸ ਨੂੰ ਆਪਣੇ ਅਸੂਲਾਂ 'ਤੇ ਪੱਕੇ ਵੀ ਰਹਿਣਾ ਪਵੇਗਾ। ਇਹ ਉਹ ਲੜਾਈ ਨਹੀਂ ਹੈ, ਜੋ ਕੈਨੇਡਾ ਨੇ ਮੰਗੀ ਸੀ। ਪਰ ਇਹ ਉਹ ਲੜਾਈ ਜ਼ਰੂਰ ਹੈ, ਜਿਸ ਦਾ ਸਾਨੂੰ ਆਪਣੀ ਆਜ਼ਾਦੀ, ਨੌਕਰੀਆਂ, ਸੱਭਿਆਚਾਰ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਲਈ ਇਕੱਠੇ ਹੋ ਕੇ ਸਾਹਮਣਾ ਕਰਨਾ ਪਵੇਗਾ। ਇਸ ਇਤਿਹਾਸਕ ਮੌਕੇ 'ਤੇ ਸਾਡਾ ਸੁਨੇਹਾ ਬਿਲਕੁਲ ਸਾਫ਼ ਹੋਣਾ ਚਾਹੀਦਾ ਹੈ ਕਿ ਅਸੀਂ ਵੱਖ-ਵੱਖ ਰਾਜਨੀਤਿਕ ਪਾਰਟੀਆਂ, ਸੂਬਿਆਂ, ਭਾਸ਼ਾਵਾਂ ਅਤੇ ਭਾਈਚਾਰਿਆਂ ਦੇ ਹੋ ਸਕਦੇ ਹਾਂ, ਪਰ ਜਦੋਂ ਕੈਨੇਡਾ ਦੀ ਆਜ਼ਾਦੀ 'ਤੇ ਗੱਲ ਆਉਂਦੀ ਹੈ, ਤਾਂ ਅਸੀਂ ਸਾਰੇ ਕੈਨੇਡੀਅਨ ਬਣ ਕੇ ਇਕੱਠੇ ਖੜ੍ਹਦੇ ਹਾਂ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**


**Services: DOT Random Prog., FMCSA Clearinghouse, DOT Supervisor Training, SAP Classes Etc.**



**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001


Pal Films
Production
All Your Photo/Videography &
Post Production needs Under One Roof
RED PRO 5.0
RED
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com



SANJHI SOCH
ਗੁਰਮੀਤ ਸਿੰਘ ਪਲਾਹੀ
98158-02070

# ਇੱਕ ਦੇਸ਼, ਇੱਕ ਚੋਣ: ਕੀ ਇਹ ਲੋਕਤੰਤਰ ਦੀਆਂ ਬਿਮਾਰੀਆਂ ਦਾ ਇਲਾਜ ਹੈ ਜਾਂ ਇੱਕ-ਪਾਰਟੀ ਰਾਜ ਵੱਲ ਕਦਮ?

ਸਿਆਸੀ ਦਲਾਂ ਵੱਲੋਂ ਬੇਹਿਸਾਬ ਚੋਣ ਖ਼ਰਚ, ਵੋਟਰਾਂ ਨੂੰ ਲੁਭਾਉਣ ਲਈ ਨਕਦੀ ਤੇ ਮੁਫ਼ਤ ਰੇਵੜੀਆਂ ਦੀ ਵੰਡ, ਰਾਜਨੀਤੀ ਦਾ ਅਪਰਾਧੀਕਰਨ ਅਤੇ ਚੋਣਾਂ ਦੌਰਾਨ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ-ਇਹ ਭਾਰਤੀ ਲੋਕਤੰਤਰ ਵਿੱਚ ਅਜਿਹੀਆਂ ਗੰਭੀਰ ਬਿਮਾਰੀਆਂ ਬਣ ਚੁੱਕੀਆਂ ਹਨ, ਜਿਨ੍ਹਾਂ ਨੂੰ ਦੂਰ ਕਰਨਾ ਦਿਨ-ਪ੍ਰਤੀ-ਦਿਨ ਅਸੰਭਵ ਹੁੰਦਾ ਜਾ ਰਿਹਾ ਹੈ। ਅਜਿਹੇ ਵਿੱਚ ਇਹ ਵੱਡਾ ਸਵਾਲ ਉੱਠਦਾ ਹੈ ਕਿ 'ਇੱਕ ਦੇਸ਼, ਇੱਕ ਚੋਣ' ਜੇਕਰ ਸਿਰਫ਼ ਇੱਕ ਚੋਣ ਕੈਲੰਡਰ ਬਦਲਣ ਦੀ ਕਵਾਇਦ ਹੈ, ਤਾਂ ਕੀ ਇਹ ਬਿਮਾਰੀਆਂ ਆਪੇ-ਆਪ ਦੂਰ ਹੋ ਜਾਣਗੀਆਂ, ਜੋ ਲੋਕਤੰਤਰ ਨੂੰ ਘੁਣ ਵਾਂਗਰ ਖਾ ਰਹੀਆਂ ਹਨ।

ਦਰਅਸਲ, ਇਸ ਪੂਰੇ ਘਟਨਾਕ੍ਰਮ ਦੇ ਪਿੱਛੇ ਮੌਜੂਦਾ ਸੱਤਾਧਾਰੀ ਧਿਰ ਦੀ ਸਿਆਸੀ ਮਨਸ਼ਾ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਪਿਛਲੇ 12-13 ਸਾਲਾਂ ਤੋਂ ਦੇਸ਼ 'ਤੇ ਰਾਜ ਕਰ ਰਹੀ ਸੱਤਾਧਾਰੀ ਧਿਰ ਹਰ ਹੱਥਕੰਡਾ ਵਰਤ ਕੇ ਭਵਿੱਖ ਦੇ ਹਰ ਛੋਟੇ-ਵੱਡੇ ਚੋਣਵੇਂ ਦੌਰ 'ਤੇ ਆਪਣੀ ਪਕੜ ਬਣਾਈ ਰੱਖਣਾ ਚਾਹੁੰਦੀ ਹੈ। ਉਸ ਦਾ ਨਿਸ਼ਾਨਾ ਖੇਤਰੀ ਪਾਰਟੀਆਂ ਦੀ ਆਵਾਜ਼ ਨੂੰ ਦਬਾਉਣਾ, ਵਿਰੋਧੀ ਧਿਰਾਂ ਦਾ ਅਸਰ ਖਤਮ ਕਰਨਾ ਅਤੇ ਦੇਸ਼ ਵਿੱਚ ਇੱਕ ਪਾਰਟੀ ਦਾ ਰਾਜ ਸਥਾਪਿਤ ਕਰਨਾ ਹੈ। ਉਸ ਵੱਲੋਂ ਏਕਾਤਮਕ ਰਾਸ਼ਟਰਵਾਦ ਦੀ ਵਿਚਾਰਧਾਰਾ ਨੂੰ ਅੱਗੇ ਵਧਾ ਕੇ ਭਾਰਤੀ ਸੰਵਿਧਾਨ ਦੇ ਮੂਲ ਢਾਂਚੇ ਅਤੇ ਸੰਘੀ ਵਿਵਸਥਾ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਇਹ ਕਵਾਇਦ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਨਹੀਂ, ਸਗੋਂ ਹੌਲੀ-ਹੌਲੀ ਇੱਕ-ਪੁਰਖੀ ਜਾਂ ਇੱਕ-ਪਾਰਟੀ ਡਿਕਟੇਟਰਸ਼ਿਪ ਵੱਲ ਵਧਣ ਦਾ ਸਬੱਬ ਬਣ ਰਹੀ ਹੈ।

ਸਰਕਾਰ ਇਸ ਖਾਸ ਏਜੰਡੇ ਅਤੇ ਸੀਮਾਬੰਦੀ ਵਰਗੇ ਦੂਰਗਾਮੀ ਪ੍ਰਭਾਵ ਵਾਲੇ ਕਾਨੂੰਨਾਂ ਨੂੰ ਆਪਣੇ ਹਿਸਾਬ ਨਾਲ ਲਾਗੂ ਕਰਨਾ ਚਾਹੁੰਦੀ ਹੈ, ਪਰ ਸੰਸਦ ਵਿੱਚ 2/3 ਦੋ-ਤਿਹਾਈ ਬਹੁਮਤ ਨਾ ਹੋਣ ਕਰਕੇ ਉਸ ਨੂੰ ਅੜਚਣਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹੀ ਕਾਰਨ ਹੈ ਕਿ ਹੋਰਨਾਂ ਪਾਰਟੀਆਂ ਨਾਲ ਜੋੜ-ਤੋੜ ਕਰਕੇ ਜਾਂ ਹੋਰ ਰਾਜਨੀਤਿਕ ਜੋੜ-ਤੋੜ ਲਗਾ ਕੇ ਇਸ ਬਿਲ ਨੂੰ ਪਾਸ ਕਰਵਾਉਣ ਲਈ ਅੱਡੀ-ਚੋਟੀ ਦਾ ਜ਼ੋਰ ਲਗਾਇਆ ਜਾ ਰਿਹਾ ਹੈ, ਜੋ ਕਿ ਕਿਸੇ ਵੀ ਹਾਲਤ ਵਿੱਚ ਲੋਕ-ਹਿੱਤ ਵਿੱਚ ਨਹੀਂ ਹੈ।

ਜੇਕਰ ਸਰਕਾਰ ਲੋਕਤੰਤਰ ਦੀਆਂ ਅਸਲੀ ਬਿਮਾਰੀਆਂ ਨੂੰ ਦੂਰ ਕਰਨ ਲਈ ਸੰਜੀਦਾ ਹੁੰਦੀ, ਤਾਂ ਚੋਣ ਸੁਧਾਰਾਂ ਦੀ ਸ਼ੁਰੂਆਤ ਅਪਰਾਧੀਆਂ ਨੂੰ ਰਾਜਨੀਤੀ ਤੋਂ ਬਾਹਰ ਕਰਨ ਨਾਲ ਹੁੰਦੀ। ਮੌਜੂਦਾ ਪ੍ਰਧਾਨ ਮੰਤਰੀ ਨੇ ਆਪਣੇ ਪਹਿਲੇ ਕਾਰਜਕਾਲ ਦੌਰਾਨ ਸੰਸਦ ਵਿੱਚ ਵੱਡਾ ਦਾਅਵਾ ਕੀਤਾ ਸੀ ਕਿ ਅਪਰਾਧਿਕ ਮਾਮਲਿਆਂ ਵਿੱਚ ਲਿਪਤ ਸੰਸਦ ਮੈਂਬਰਾਂ ਦੇ ਕੇਸਾਂ ਦਾ ਤੇਜ਼ੀ ਨਾਲ ਨਿਪਟਾਰਾ ਕਰਕੇ ਉਨ੍ਹਾਂ ਨੂੰ ਸੰਸਦ ਵਿੱਚੋਂ ਬਾਹਰ ਕੀਤਾ ਜਾਵੇਗਾ। ਪਰ ਨਤੀਜਾ ਬਿਲਕੁਲ ਉਲਟ ਰਿਹਾ ਹੈ।

'ਐਸੋਸੀਏਸ਼ਨ ਫ਼ਾਰ ਡੈਮੋਕ੍ਰੇਟਿਕ ਰਿਫਾਰਮਜ਼' ਅਤੇ 'ਨੈਸ਼ਨਲ ਇਲੈਕਸ਼ਨ ਵਾਚ' ਦੀਆਂ ਹਾਲੀਆ ਰਿਪੋਰਟਾਂ ਅਨੁਸਾਰ, ਸੰਸਦ (ਲੋਕ ਸਭਾ) ਦੇ ਲਗਭਗ 45 ਫੀਸਦੀ ਚੁਣੇ ਹੋਏ ਮੈਂਬਰਾਂ 'ਤੇ ਅਪਰਾਧਿਕ ਮਾਮਲੇ ਦਰਜ ਹਨ, ਜਿਨ੍ਹਾਂ ਵਿੱਚੋਂ ਕਈਆਂ ਉੱਤੇ ਗੰਭੀਰ ਧਾਰਾਵਾਂ ਹਨ। ਸਰਕਾਰ ਨੇ ਇਨ੍ਹਾਂ ਅਪਰਾਧਿਕ ਮਾਮਲਿਆਂ ਵਿੱਚ ਫਸੇ ਨੇਤਾਵਾਂ ਨੂੰ ਚੋਣ ਲੜਨ ਤੋਂ ਰੋਕਣ ਲਈ ਕੋਈ ਠੋਸ ਕਾਨੂੰਨ ਬਣਾਉਣ ਵਿੱਚ ਕੋਈ ਦਿਲਚਸਪੀ ਨਹੀਂ ਦਿਖਾਈ।

ਇਸ ਤੋਂ ਇਲਾਵਾ, ਲੋਕ ਸਭਾ ਵਿੱਚ ਇੱਕ ਦੇਸ਼-ਇੱਕ ਚੋਣ ਸਬੰਧੀ ਪੇਸ਼ ਕੀਤੇ ਗਏ 'ਸੰਵਿਧਾਨ (129ਵੀਂ ਸੋਧ) ਬਿਲ, 2024' ਦੀ ਸਮੀਖਿਆ ਕਰ ਰਹੀ 39-ਮੈਂਬਰੀ ਸੰਯੁਕਤ ਪਾਰਲੀਮੈਂਟ ਕਮੇਟੀ ਦੀਆਂ ਬੈਠਕਾਂ ਵਿੱਚ ਵੀ ਕਾਫੀ ਹੰਗਾਮਾ ਅਤੇ ਗੰਭੀਰ ਚਰਚਾ ਹੋ ਚੁੱਕੀ ਹੈ। ਕਈ ਮੀਟਿੰਗਾਂ ਦੌਰਾਨ ਸੰਵਿਧਾਨਕ ਮਾਹਰਾਂ ਨੇ ਇਸ ਬਿਲ ਦੇ ਖਤਰਿਆਂ ਤੋਂ ਜਾਣੂ ਕਰਵਾਇਆ ਹੈ। ਜੇਪੀਸੀ ਸਾਹਮਣੇ ਪੇਸ਼ ਹੁੰਦਿਆਂ ਸੀਨੀਅਰ ਕਾਂਗਰਸ ਨੇਤਾ ਪੀ. ਚਿਦੰਬਰਮ ਨੇ ਠੋਸ ਦਲੀਲਾਂ ਨਾਲ ਇਸ ਪ੍ਰਸਤਾਵ ਨੂੰ "ਅਸੰਵਿਧਾਨਕ" ਅਤੇ "ਸੰਵਿਧਾਨਕ ਕੁਰੂਪਤਾ" ਕਰਾਰ ਦਿੱਤਾ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇਕਰ 5 ਸਾਲ ਦੇ ਨਿਸ਼ਚਿਤ ਕਾਰਜਕਾਲ ਤੋਂ ਪਹਿਲਾਂ ਹੀ ਅਵਿਸ਼ਵਾਸ ਮਤੇ ਨਾਲ ਕੋਈ ਰਾਜ ਸਰਕਾਰ ਡਿੱਗ ਜਾਂਦੀ ਹੈ, ਤਾਂ ਬਾਕੀ ਰਹਿੰਦੇ ਸਮੇਂ ਲਈ ਕੀ ਕੀਤਾ ਜਾਵੇਗਾ? ਕੀ ਰਾਜਾਂ ਦੇ ਚੁਣੇ ਹੋਏ ਨੁਮਾਇੰਦਿਆਂ ਦਾ ਕਾਰਜਕਾਲ ਜ਼ਬਰਦਸਤੀ ਛੋਟਾ ਕਰ ਦਿੱਤਾ ਜਾਵੇਗਾ?

'ਵਿਧੀ ਸੈਂਟਰ ਫ਼ਾਰ ਲੀਗਲ ਪਾਲਿਸੀ' ਵਰਗੀਆਂ ਆਜ਼ਾਦ ਅਤੇ ਵੱਕਾਰੀ ਕਾਨੂੰਨੀ ਸੰਸਥਾਵਾਂ ਨੇ ਵੀ ਇਸ ਬਿਲ ਦੀਆਂ ਡੂੰਘੀਆਂ ਕਾਨੂੰਨੀ ਖਾਮੀਆਂ ਨੂੰ ਉਜਾਗਰ ਕੀਤਾ ਹੈ। ਸੰਸਥਾ ਅਨੁਸਾਰ, ਰਾਜ ਵਿਧਾਨ ਸਭਾਵਾਂ ਦੇ ਕਾਰਜਕਾਲ ਨੂੰ ਕੇਂਦਰ ਦੇ ਹੁਕਮਾਂ ਨਾਲ ਛੋਟਾ ਜਾਂ ਵੱਡਾ ਕਰਨਾ ਭਾਰਤੀ ਸੰਵਿਧਾਨ ਦੇ 'ਮੂਲ ਢਾਂਚੇ' ਅਤੇ ਸੰਘੀ ਢਾਂਚੇ ਉੱਤੇ ਸਿੱਧਾ ਹਮਲਾ ਹੈ। ਜੇਕਰ ਵਿਚਕਾਰ ਹੀ ਕੋਈ ਰਾਜ ਸਰਕਾਰ ਡਿੱਗ ਜਾਂਦੀ ਹੈ, ਤਾਂ ਬਾਕੀ ਬਚੇ ਸਮੇਂ ਲਈ ਚੁਣੇ ਹੋਏ ਨੁਮਾਇੰਦਿਆਂ ਦੇ ਅਧਿਕਾਰਾਂ ਨੂੰ ਸੀਮਤ ਕਰਨਾ ਜਾਂ ਉੱਥੇ ਜ਼ਬਰਦਸਤੀ ਰਾਸ਼ਟਰਪਤੀ ਸ਼ਾਸਨ ਠੋਸਣਾ ਲੋਕਤੰਤਰੀ ਜਨਾਦੇਸ਼ ਦਾ ਅਪਮਾਨ ਹੋਵੇਗਾ। ਇਸ ਤੋਂ ਇਲਾਵਾ, ਸੰਵਿਧਾਨ ਦੀਆਂ ਕਈ ਮੂਲ ਧਾਰਾਵਾਂ (ਜਿਵੇਂ ਧਾਰਾ 83, 85, 172 ਅਤੇ 174) ਵਿੱਚ ਰੱਦੋ-ਬਦਲ ਕਰਨ ਲਈ ਘੱਟੋ-ਘੱਟ ਅੱਧੇ ਰਾਜਾਂ ਦੀਆਂ ਵਿਧਾਨ ਸਭਾਵਾਂ ਦੀ ਮਨਜ਼ੂਰੀ ਲਾਜ਼ਮੀ ਹੈ, ਪਰ ਸਰਕਾਰ ਰਾਜਾਂ ਦੇ ਅਧਿਕਾਰਾਂ ਨੂੰ ਨਜ਼ਰਅੰਦਾਜ਼ ਕਰਕੇ ਸੁਪਰੀਮ ਕੋਰਟ ਦੇ ਸੰਵਿਧਾਨਕ ਫ਼ੈਸਲਿਆਂ ਦੀ ਉਲੰਘਣਾ ਕਰ ਰਹੀ ਹੈ।

ਦੂਜੇ ਪਾਸੇ, ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਕਮੇਟੀ ਨੇ ਦੋ-ਚਰਣੀ ਚੋਣਾਂ ਦੀ ਸਿਫਾਰਸ਼ ਕੀਤੀ ਗਈ ਹੈ-ਪਹਿਲਾਂ ਲੋਕ ਸਭਾ ਤੇ ਵਿਧਾਨ ਸਭਾਵਾਂ ਦੀਆਂ ਚੋਣਾਂ ਅਤੇ 100 ਦਿਨਾਂ ਦੇ ਅੰਦਰ ਨਗਰ ਨਿਗਮਾਂ ਤੇ ਪੰਚਾਇਤਾਂ ਦੀਆਂ ਚੋਣਾਂ। ਕਮੇਟੀ ਦਾ ਦਾਅਵਾ ਹੈ ਕਿ ਇਸ ਨਾਲ ਦੇਸ਼ ਭਰ ਵਿੱਚ ਇੱਕੋ ਹੀ ਵੋਟਰ ਸੂਚੀ ਹੋਵੇਗੀ ਅਤੇ ਖਜ਼ਾਨੇ ਦੇ ਪੈਸੇ ਦੀ ਬੱਚਤ ਹੋਵੇਗੀ। ਕਮੇਟੀ ਨੇ 20,000 ਤੋਂ ਵੱਧ ਸੁਝਾਅ ਪ੍ਰਾਪਤ ਹੋਣ ਦਾ ਦਾਅਵਾ ਵੀ ਕੀਤਾ, ਪਰ ਆਲੋਚਕਾਂ ਅਨੁਸਾਰ ਇਹ ਸਮੁੱਚੀ ਪ੍ਰਕਿਰਿਆ ਵਿਆਪਕ ਜਨ-ਭਾਗੀਦਾਰੀ ਤੋਂ ਬਿਨਾਂ ਮਹਿਜ਼ ਇੱਕਤਰਫ਼ਾ ਰਹੀ।

ਪੈਸੇ ਦੀ ਬੱਚਤ ਦੇ ਦਾਅਵਿਆਂ ਦੇ ਉਲਟ, ਪ੍ਰਸ਼ਾਸਨਿਕ ਅਤੇ ਅਮਲੀ ਤੌਰ 'ਤੇ ਵੀ ਇਹ ਪ੍ਰਸਤਾਵ ਕਈ ਵੱਡੀਆਂ ਚੁਣੌਤੀਆਂ ਖੜ੍ਹੀਆਂ ਕਰਦਾ ਹੈ।

ਦੇਸ਼ ਭਰ ਵਿੱਚ ਇੱਕੋ ਸਮੇਂ ਚੋਣਾਂ ਕਰਵਾਉਣ ਲਈ ਕਰੋੜਾਂ ਦੀ ਗਿਣਤੀ ਵਿੱਚ ਨਵੀਆਂ ਈਵੀਐੱਮ ਅਤੇ ਵੀਵੀਪੀਏਟੀ ਮਸ਼ੀਨਾਂ ਦੀ ਲੋੜ ਪਵੇਗੀ। ਇਹਨਾਂ ਮਸ਼ੀਨਾਂ ਦੀ ਖਰੀਦਦਾਰੀ ਅਤੇ ਹਰ 15-20 ਸਾਲਾਂ ਬਾਅਦ ਇਹਨਾਂ ਨੂੰ ਬਦਲਣ ਉੱਤੇ ਸਰਕਾਰੀ ਖਜ਼ਾਨੇ 'ਤੇ ਅਰਬਾਂ ਰੁਪਏ ਦਾ ਵਾਧੂ ਬੋਝ ਪਵੇਗਾ, ਜੋ ਬੱਚਤ ਦੇ ਦਾਅਵੇ ਨੂੰ ਨਕਾਰਦਾ ਹੈ।

ਇੱਕੋ ਸਮੇਂ ਪੂਰੇ ਦੇਸ਼ ਵਿੱਚ ਚੋਣਾਂ ਕਰਵਾਉਣ ਲਈ ਕੇਂਦਰੀ ਵੈਧਾਨਿਕ ਅਤੇ ਸੁਰੱਖਿਆ ਬਲਾਂ ਦੀ ਬਹੁਤ ਵੱਡੀ ਗਿਣਤੀ ਵਿੱਚ ਤੈਨਾਤੀ ਕਰਨੀ ਪਵੇਗੀ। ਇਸ ਨਾਲ ਦੇਸ਼ ਦੀਆਂ ਸਰਹੱਦਾਂ ਅਤੇ ਅੰਦਰੂਨੀ ਸੁਰੱਖਿਆ ਨਾਲ ਸਮਝੌਤਾ ਹੋਣ ਦਾ ਖਤਰਾ ਬਣਿਆ ਰਹੇਗਾ।

ਵੱਖ-ਵੱਖ ਸਮਿਆਂ 'ਤੇ ਹੁੰਦੀਆਂ ਚੋਣਾਂ ਸਰਕਾਰ ਨੂੰ ਆਮ ਜਨਤਾ ਅਤੇ ਸਥਾਨਕ ਮੁੱਦਿਆਂ ਪ੍ਰਤੀ ਲਗਾਤਾਰ ਜਵਾਬਦੇਹ ਰੱਖਦੀਆਂ ਹਨ। ਜੇਕਰ ਚੋਣਾਂ 5 ਸਾਲਾਂ ਵਿੱਚ ਸਿਰਫ਼ ਇੱਕ ਵਾਰ ਹੀ ਹੋਣਗੀਆਂ, ਤਾਂ ਚੁਣੀਆਂ ਹੋਈਆਂ ਸਰਕਾਰਾਂ ਪੰਜ ਸਾਲਾਂ ਲਈ ਜਨਤਕ ਸਮੱਸਿਆਵਾਂ ਅਤੇ ਮਹਿੰਗਾਈ ਵਰਗੇ ਮੁੱਦਿਆਂ ਤੋਂ ਬੇਫ਼ਿਕਰ ਹੋ ਕੇ ਮਨਮਰਜ਼ੀ ਕਰਨ ਲੱਗ ਪੈਣਗੀਆਂ।

ਇਤਿਹਾਸਕ ਤੌਰ 'ਤੇ 1951-52 ਤੋਂ 1967 ਤੱਕ ਦੇਸ਼ ਵਿੱਚ ਲੋਕ ਸਭਾ ਤੇ ਵਿਧਾਨ ਸਭਾਵਾਂ ਦੀਆਂ ਚੋਣਾਂ ਇੱਕੋ ਸਮੇਂ ਹੁੰਦੀਆਂ ਸਨ, ਪਰ 1960 ਦੇ ਦਹਾਕੇ ਦੇ ਅਖੀਰ ਵਿੱਚ ਕਈ ਰਾਜਾਂ ਵਿੱਚ ਸਰਕਾਰਾਂ ਦੇ ਭੰਗ ਹੋਣ ਨਾਲ ਇਹ ਸਿਲਸਿਲਾ ਟੁੱਟ ਗਿਆ ਸੀ। ਅੱਜ ਭਾਰਤ ਦੀ ਰਾਜਨੀਤਿਕ ਸਥਿਤੀ ਬਹੁਤ ਵੱਖਰੀ ਹੈ। ਰਾਸ਼ਟਰੀ ਚੋਣਾਂ ਦੇ ਮੁੱਦੇ (ਵਿਦੇਸ਼ ਨੀਤੀ, ਰਾਸ਼ਟਰੀ ਸੁਰੱਖਿਆ) ਅਤੇ ਰਾਜਾਂ ਦੀਆਂ ਚੋਣਾਂ ਦੇ ਮੁੱਦੇ (ਸਥਾਨਕ ਵਿਕਾਸ, ਰੋਜ਼ਗਾਰ) ਬਿਲਕੁਲ ਵੱਖਰੇ ਹੁੰਦੇ ਹਨ। ਇੱਕੋ ਸਮੇਂ ਚੋਣਾਂ ਕਰਵਾਉਣ ਨਾਲ ਰਾਸ਼ਟਰੀ ਮੁੱਦਿਆਂ ਦੀ ਲਹਿਰ ਹੇਠ ਖੇਤਰੀ ਪਾਰਟੀਆਂ ਅਤੇ ਸਥਾਨਕ ਸਮੱਸਿਆਵਾਂ ਦੱਬ ਕੇ ਰਹਿ ਜਾਣਗੀਆਂ।

ਇਸ ਤੋਂ ਵੀ ਵੱਡਾ ਦੁਖਾਂਤ ਇਹ ਹੈ ਕਿ ਹਿੰਦੁਸਤਾਨ ਦੀ ਸਰਕਾਰ ਨੇ ਸਿੱਖਿਆ ਸੁਧਾਰਾਂ ਦੀਆਂ ਗੱਲਾਂ ਕਰਨ ਲਈ 'ਜੈਨ-ਜ਼ੈੱਡ' ਦੇ ਬਿੱਲੇ 'ਤੇ ਕਾਨੂੰਨ ਤਾਂ ਬਣਾ ਦਿੱਤੇ, ਪਰ ਸਿੱਖਿਆ ਦੇ ਵਿੱਚ ਸਹੀ ਢੰਗ ਨਾਲ ਜਿਹੜੀ ਤਬਦੀਲੀ ਲਿਆਉਣੀ ਸੀ, ਉਹਦੀ ਕੋਈ ਗੱਲ ਨਹੀਂ ਕੀਤੀ। ਇਹ ਸੱਤਾਧਾਰੀ ਧਿਰ ਜਲ, ਜੰਗਲ ਅਤੇ ਜ਼ਮੀਨ ਦੇ ਮੁੱਦਿਆਂ ਨੂੰ ਛੱਡੀ ਬੈਠੀ ਹੈ। ਯੇਲ ਯੂਨੀਵਰਸਿਟੀ ਦੇ 'ਵਾਤਾਵਰਨ ਪ੍ਰਦਰਸ਼ਨ ਸੂਚਕਾਂਕ' (ਈਪੀਆਈ) ਅਨੁਸਾਰ 180 ਦੇਸ਼ਾਂ ਦੀ ਸੂਚੀ ਵਿੱਚ ਭਾਰਤ ਹੇਠਲੇ 176ਵੇਂ ਦਰਜੇ ਉੱਤੇ ਹੈ। 'ਵੰਦੇ ਮਾਤਰਮ' ਵਿੱਚ ਜਿਨ੍ਹਾਂ ਨਦੀਆਂ, ਹਵਾਵਾਂ ਅਤੇ ਹਰਿਆਵਲ ਦਾ ਗੁਣਗਾਣ ਕੀਤਾ ਜਾਂਦਾ ਹੈ, ਅੱਜ ਸਾਡੇ ਸ਼ਹਿਰ, ਪਿੰਡ ਅਤੇ ਨਦੀਆਂ ਜ਼ਹਿਰੀਲੀਆਂ ਹੋ ਚੁੱਕੀਆਂ ਹਨ। ਉਸ ਪ੍ਰਤੀ ਸਰਕਾਰ ਕਦੇ ਵੀ ਸੰਜੀਦਾ ਨਹੀਂ।

ਮੌਜੂਦਾ ਸਰਕਾਰ ਐਕਸਪ੍ਰੈੱਸ-ਵੇਅ ਦੀ ਤੇਜ਼ ਰਫ਼ਤਾਰ ਦੇ ਨਾਲ-ਨਾਲ ਕਤਾਰ ਵਿੱਚ ਖੜ੍ਹੇ ਆਖਰੀ ਇਨਸਾਨ ਦਾ ਹੱਥ ਫੜਨਾ ਭੁੱਲ ਚੁੱਕੀ ਹੈ। ਦੇਸ਼ ਦੀ ਉਡਾਣ ਲਈ ਕਾਰਖਾਨਿਆਂ ਦੀ ਜਿੰਨੀ ਜ਼ਰੂਰਤ ਹੈ, ਉਤਨੀ ਹੀ ਜ਼ਰੂਰਤ ਅੰਨਦਾਤਿਆਂ ਦੇ ਚਿਹਰਿਆਂ ਉੱਤੇ ਸਕੂਨ ਦੇਖਣ ਦੀ ਵੀ ਹੈ। ਚਮਕਦੇ ਬੁਨਿਆਦੀ ਢਾਂਚੇ ਅਤੇ ਲਹਿਲਹਾਉਂਦੇ ਖੇਤਾਂ ਦੇ ਵਿਚਕਾਰ ਦਾ ਮਾਨਵੀ ਸੰਤੁਲਨ ਹੀ ਇੱਕ ਨਿਆਂਪੂਰਵਕ ਅਤੇ ਤਾਕਤਵਰ ਭਾਰਤ ਦੀ ਨੀਂਹ ਮਜ਼ਬੂਤ ਕਰ ਸਕਦਾ ਹੈ। ਪਰ ਸਰਕਾਰ ਇਹਨਾਂ ਮਸਲਿਆਂ ਪ੍ਰਤੀ ਚੁੱਪ ਹੈ।

ਨਿਰਸੰਦੇਹ, ਲੋਕਤੰਤਰ ਦੀ ਅਸਲੀ ਮਜ਼ਬੂਤੀ ਚੋਣਾਂ ਦੀ ਤਾਰੀਖ਼ ਜਾਂ ਕੈਲੰਡਰ ਬਦਲਣ ਨਾਲ ਨਹੀਂ, ਸਗੋਂ ਰਾਜਨੀਤੀ ਵਿੱਚੋਂ ਧਨ-ਬਲ ਤੇ ਅਪਰਾਧ ਨੂੰ ਬਾਹਰ ਕੱਢਣ, ਸੰਘੀ ਢਾਂਚੇ ਨੂੰ ਬਚਾਉਣ, ਖੇਤਰੀ ਆਵਾਜ਼ਾਂ ਦਾ ਸਤਿਕਾਰ ਕਰਨ ਅਤੇ ਆਮ ਨਾਗਰਿਕ ਨੂੰ ਇਨਸਾਫ਼ ਦੇਣ ਨਾਲ ਹੀ ਸੰਭਵ ਹੈ। ਪਰ ਜਦੋਂ ਲੋਕ ਹਿੱਤਾਂ ਦੇ ਉਲਟ ਕਾਨੂੰਨ ਬਣਨਗੇ, ਉਦੋਂ ਲੋਕਤੰਤਰ ਵੀ ਕਮਜ਼ੋਰ ਹੋਏਗਾ ਅਤੇ ਆਮ ਆਦਮੀ ਨਿਆਂ ਤੋਂ ਸੱਖਣਾ ਹੋਏਗਾ।







web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# TAKE CONTROL OF YOUR HEALTH!

**PRIVATE, AFFORDABLE, & CONVENIENT**

# 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

**WALK-INS WELCOME**

ANYLABTEST NOW!



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, https://youtu.be/-DUhK3cACEU SabRangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**






**GURDIP S SANDHU**

**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

SANJHI SOCH
ਨਵਨੀਤ ਸਿੰਘ
9814509900



# ਮੁਲਾਜ਼ਮਾਂ ਦੇ ਹੱਕਾਂ ਦੀ ਲੜਾਈ ਹੁਣ ਫ਼ੈਸਲੇ ਦੀ ਮੰਗ ਕਰਦੀ ਹੈ

ਪੰਜਾਬ ਦੀ ਸਰਕਾਰੀ ਵਿਵਸਥਾ ਦੀ ਰੀੜ੍ਹ ਦੀ ਹੱਡੀ ਮੰਨੇ ਜਾਂਦੇ ਮੁਲਾਜ਼ਮ ਅੱਜ ਆਪਣੇ ਹੀ ਹੱਕਾਂ ਲਈ ਸੰਘਰਸ਼ ਦੇ ਮੈਦਾਨ ਵਿੱਚ ਖੜ੍ਹੇ ਹਨ। ਇਹ ਸਥਿਤੀ ਕਿਸੇ ਇੱਕ ਦਿਨ ਜਾਂ ਇੱਕ ਸਰਕਾਰ ਦੀ ਪੈਦਾਵਾਰ ਨਹੀਂ, ਸਗੋਂ ਸਾਲਾਂ ਤੋਂ ਲਟਕਦੀਆਂ ਮੰਗਾਂ, ਅਧੂਰੇ ਵਾਅਦਿਆਂ ਅਤੇ ਸਰਕਾਰੀ ਬੇਰੁਖ਼ੀ ਦਾ ਨਤੀਜਾ ਹੈ। ਸਵਾਲ ਇਹ ਹੈ ਕਿ ਜਿਹੜੇ ਲੋਕ ਸਰਕਾਰ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਂਦੇ ਹਨ, ਉਨ੍ਹਾਂ ਦੀ ਆਪਣੀ ਆਵਾਜ਼ ਸਰਕਾਰ ਦੇ ਕੰਨਾਂ ਤੱਕ ਕਿਉਂ ਨਹੀਂ ਪਹੁੰਚ ਰਹੀ?

ਚੋਣਾਂ ਦੇ ਦੌਰਾਨ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਸਿਆਸੀ ਭਾਸ਼ਣਾਂ ਦਾ ਸ਼ਿੰਗਾਰ ਬਣ ਜਾਂਦੇ ਹਨ। ਪਰ ਸੱਤਾ ਮਿਲਣ ਤੋਂ ਬਾਅਦ ਉਹੀ ਵਾਅਦੇ ਫ਼ਾਈਲਾਂ, ਕਮੇਟੀਆਂ ਅਤੇ ਮੀਟਿੰਗਾਂ ਦੇ ਚੱਕਰ ਵਿੱਚ ਫਸ ਜਾਂਦੇ ਹਨ। ਵਾਅਦਾ ਕਰਨਾ ਸੌਖਾ ਹੈ, ਪਰ ਵਾਅਦਾ ਨਿਭਾਉਣਾ ਹੀ ਸਰਕਾਰ ਦੀ ਅਸਲ ਕਸੌਟੀ ਹੈ।

ਮੁਲਾਜ਼ਮਾਂ ਦੀਆਂ ਮੰਗਾਂ ਨੂੰ ਸਿਰਫ਼ 'ਸਰਕਾਰੀ ਖ਼ਜ਼ਾਨੇ 'ਤੇ ਬੋਝ' ਕਹਿ ਕੇ ਰੱਦ ਕਰਨਾ ਨਾ ਤਾਂ ਤਰਕਸੰਗਤ ਹੈ ਅਤੇ ਨਾ ਹੀ ਇਨਸਾਫ਼ਸੰਗਤ। ਮੁਲਾਜ਼ਮ ਆਪਣੀ ਸੇਵਾ ਦੇ ਬਦਲੇ ਕੋਈ ਰਹਿਮ ਨਹੀਂ ਮੰਗਦਾ। ਉਹ ਆਪਣੀ ਮਿਹਨਤ ਦਾ ਵਾਜਬ ਮੁੱਲ ਅਤੇ ਆਪਣੇ ਭਵਿੱਖ ਦੀ ਸੁਰੱਖਿਆ ਮੰਗਦਾ ਹੈ।

ਪੈਨਸ਼ਨ ਬੁਢਾਪੇ ਦਾ ਹੱਕ ਹੈ, ਖੈਰਾਤ ਨਹੀਂ

ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਮਸਲਾ ਸਿਰਫ਼ ਸਰਕਾਰੀ ਕਰਮਚਾਰੀਆਂ ਦੀ ਮੰਗ ਨਹੀਂ, ਸਗੋਂ ਸਮਾਜਿਕ ਸੁਰੱਖਿਆ ਨਾਲ ਜੁੜਿਆ ਵੱਡਾ ਸਵਾਲ ਹੈ। ਇੱਕ ਮੁਲਾਜ਼ਮ ਆਪਣੀ ਜ਼ਿੰਦਗੀ ਦੇ ਤਿੰਨ-ਚਾਰ ਦਹਾਕੇ ਸਰਕਾਰੀ ਸੇਵਾ ਨੂੰ ਸਮਰਪਿਤ ਕਰਦਾ ਹੈ। ਉਸ ਤੋਂ ਇਮਾਨਦਾਰੀ, ਜ਼ਿੰਮੇਵਾਰੀ ਅਤੇ ਨਿਰੰਤਰ ਸੇਵਾ ਦੀ ਉਮੀਦ ਕੀਤੀ ਜਾਂਦੀ ਹੈ। ਫਿਰ ਰਿਟਾਇਰਮੈਂਟ ਤੋਂ ਬਾਅਦ ਉਸ ਦੇ ਭਵਿੱਖ ਨੂੰ ਅਨਿਸ਼ਚਿਤਤਾ ਦੇ ਹਵਾਲੇ ਕਰਨਾ ਕਿਹੜਾ ਨਿਆਂ ਹੈ?

ਜਵਾਨੀ ਸਰਕਾਰ ਦੇ ਨਾਮ ਅਤੇ ਬੁਢਾਪਾ ਬਾਜ਼ਾਰ ਦੇ ਨਾਮ ਇਹ ਮਾਡਲ ਮੁਲਾਜ਼ਮ ਕਿਵੇਂ ਕਬੂਲ ਕਰੇ?

ਪੈਨਸ਼ਨ ਨੂੰ ਸਿਰਫ਼ ਖ਼ਰਚੇ ਦੀ ਇੱਕ ਮੱਦ ਸਮਝਣਾ ਸਰਕਾਰੀ ਸੋਚ ਦੀ ਵੱਡੀ ਕਮੀ ਹੈ। ਪੈਨਸ਼ਨ ਉਸ ਸੇਵਾ ਦੀ ਸਮਾਜਿਕ ਸੁਰੱਖਿਆ ਹੈ, ਜੋ ਮੁਲਾਜ਼ਮ ਆਪਣੀ ਜ਼ਿੰਦਗੀ ਦਾ ਕੀਮਤੀ ਸਮਾਂ ਦੇ ਕੇ ਕਮਾਉਂਦਾ ਹੈ।

ਸੰਵਾਦ ਦੇ ਦਰਵਾਜ਼ੇ ਬੰਦ ਕਰਕੇ ਸੰਘਰਸ਼ ਨਹੀਂ ਰੁਕਦਾ

ਲੋਕਤੰਤਰ ਵਿੱਚ ਸਰਕਾਰ ਦੀ ਸਭ ਤੋਂ ਵੱਡੀ ਤਾਕਤ ਉਸ ਦੀ ਪੁਲਿਸ ਜਾਂ ਪ੍ਰਸ਼ਾਸਨ ਨਹੀਂ, ਸਗੋਂ ਲੋਕਾਂ ਦਾ ਭਰੋਸਾ ਹੁੰਦਾ ਹੈ। ਜਦੋਂ ਮੁਲਾਜ਼ਮ ਆਪਣੀਆਂ ਮੰਗਾਂ ਲੈ ਕੇ ਸਰਕਾਰ ਕੋਲ ਆਉਂਦੇ ਹਨ ਤਾਂ ਉਨ੍ਹਾਂ ਨਾਲ ਬੈਠ ਕੇ ਗੱਲ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ। ਮੀਟਿੰਗਾਂ ਮੁਲਤਵੀ ਕਰਨਾ, ਫ਼ੈਸਲੇ ਲਟਕਾਉਣਾ, ਕਮੇਟੀਆਂ ਬਣਾਉਣਾ ਅਤੇ ਹਰ ਵਾਰ ਨਵਾਂ ਭਰੋਸਾ ਦੇਣਾ ਕਿਸੇ ਮਸਲੇ ਦਾ ਸਥਾਈ ਹੱਲ ਨਹੀਂ। ਸੰਘਰਸ਼ ਨੂੰ ਸਮਾਂ ਦੇ ਕੇ ਥਕਾਉਣ ਦੀ ਰਣਨੀਤੀ ਅੱਜ ਦੇ ਜਾਗਰੂਕ ਮੁਲਾਜ਼ਮ ਨੂੰ ਕਬੂਲ ਨਹੀਂ।

ਸਰਕਾਰ ਨੂੰ ਇਹ ਸਮਝਣਾ ਪਵੇਗਾ ਕਿ ਸੜਕ 'ਤੇ ਖੜ੍ਹਾ ਮੁਲਾਜ਼ਮ ਸਿਰਫ਼ ਆਪਣੀ ਤਨਖ਼ਾਹ ਜਾਂ ਪੈਨਸ਼ਨ ਲਈ ਨਹੀਂ ਲੜ ਰਿਹਾ। ਉਹ ਆਪਣੇ ਪਰਿਵਾਰ ਦੀ ਸੁਰੱਖਿਆ, ਆਪਣੇ ਬੱਚਿਆਂ ਦੇ ਭਵਿੱਖ ਅਤੇ ਆਪਣੀ ਸਾਰੀ ਉਮਰ ਦੀ ਮਿਹਨਤ ਦੀ ਇੱਜ਼ਤ ਲਈ ਲੜ ਰਿਹਾ ਹੈ।

ਕੱਚੇ ਮੁਲਾਜ਼ਮਾਂ ਦਾ ਦਰਦ ਵੀ ਸਰਕਾਰ ਦੇਖੇ

ਪੰਜਾਬ ਵਿੱਚ ਕੱਚੇ, ਠੇਕਾ ਅਤੇ ਆਊਟਸੋਰਸ ਮੁਲਾਜ਼ਮਾਂ ਦਾ ਮਸਲਾ ਵੀ ਗੰਭੀਰ ਹੈ। ਇੱਕੋ ਕੰਮ ਕਰਨ ਵਾਲੇ ਦੋ ਵਿਅਕਤੀਆਂ ਲਈ ਵੱਖ-ਵੱਖ ਸੇਵਾ-ਸ਼ਰਤਾਂ ਅਤੇ ਸੁਰੱਖਿਆ ਕਿੰਨਾ ਕੁ ਨਿਆਂਪੂਰਨ ਪ੍ਰਬੰਧ ਹੈ? ਸਾਲਾਂ ਤੋਂ ਸੇਵਾ ਕਰ ਰਹੇ ਕਰਮਚਾਰੀਆਂ ਨੂੰ ਲਗਾਤਾਰ ਅਸਥਿਰਤਾ ਵਿੱਚ ਰੱਖਣਾ ਨਾ ਸਿਰਫ਼ ਉਨ੍ਹਾਂ ਨਾਲ ਬੇਇਨਸਾਫ਼ੀ ਹੈ, ਸਗੋਂ ਸਰਕਾਰੀ ਪ੍ਰਬੰਧ ਦੀ ਕਾਰਗੁਜ਼ਾਰੀ ਨੂੰ ਵੀ ਪ੍ਰਭਾਵਿਤ ਕਰਦਾ ਹੈ।

ਸਰਕਾਰ ਨੂੰ ਖਾਲੀ ਅਸਾਮੀਆਂ ਭਰਨ, ਰੈਗੂਲਰ ਭਰਤੀ ਕਰਨ ਅਤੇ ਸੇਵਾ-ਸੁਰੱਖਿਆ ਯਕੀਨੀ ਬਣਾਉਣ ਵੱਲ ਠੋਸ ਕਦਮ ਚੁੱਕਣੇ ਚਾਹੀਦੇ ਹਨ।

ਹੁਣ ਐਲਾਨ ਨਹੀਂ, ਅਮਲ ਚਾਹੀਦਾ ਹੈ

ਮੁਲਾਜ਼ਮਾਂ ਦਾ ਸੰਘਰਸ਼ ਕਿਸੇ ਸਰਕਾਰ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਨਹੀਂ। ਇਹ ਲੋਕਤੰਤਰ ਵਿੱਚ ਆਪਣੇ ਹੱਕ ਦੀ ਮੰਗ ਕਰਨ ਦਾ ਅਧਿਕਾਰ ਹੈ। ਸਰਕਾਰ ਜੇ ਇਸ ਆਵਾਜ਼ ਨੂੰ ਸਿਆਸੀ ਵਿਰੋਧ ਸਮਝ ਕੇ ਨਜ਼ਰਅੰਦਾਜ਼ ਕਰੇਗੀ ਤਾਂ ਦੂਰੀ ਹੋਰ ਵਧੇਗੀ।

ਹੁਣ ਸਮਾਂ ਹੈ ਕਿ ਸਰਕਾਰ ਵਾਅਦਿਆਂ ਦੀ ਰਾਜਨੀਤੀ ਤੋਂ ਅੱਗੇ ਵਧੇ। ਲੰਬਿਤ ਮੰਗਾਂ ਦੀ ਸੂਚੀ ਤਿਆਰ ਕਰਕੇ ਉਨ੍ਹਾਂ ਦੇ ਹੱਲ ਲਈ ਸਮਾਂਬੱਧ ਰੋਡਮੈਪ ਬਣਾਇਆ ਜਾਵੇ। ਮੁਲਾਜ਼ਮ ਜਥੇਬੰਦੀਆਂ ਨਾਲ ਨਿਰੰਤਰ ਅਤੇ ਸਾਰਥਕ ਗੱਲਬਾਤ ਕੀਤੀ ਜਾਵੇ ਅਤੇ ਕੀਤੇ ਵਾਅਦਿਆਂ ਨੂੰ ਸਰਕਾਰੀ ਹੁਕਮਾਂ ਵਿੱਚ ਬਦਲਿਆ ਜਾਵੇ।

ਕਿਉਂਕਿ ਮੁਲਾਜ਼ਮਾਂ ਨੂੰ ਹੁਣ ਭਰੋਸੇ ਨਹੀਂ, ਫ਼ੈਸਲੇ ਚਾਹੀਦੇ ਹਨ।

ਐਲਾਨ ਨਹੀਂ, ਅਮਲ ਚਾਹੀਦਾ ਹੈ।

ਮੀਟਿੰਗਾਂ ਨਹੀਂ, ਨਤੀਜੇ ਚਾਹੀਦੇ ਹਨ।


ਅੰਤ ਵਿੱਚ ਸਵਾਲ ਬਹੁਤ ਸਿੱਧਾ ਹੈ

ਜਿਹੜੇ ਮੁਲਾਜ਼ਮ ਆਪਣੀ ਜਵਾਨੀ ਸਰਕਾਰ ਦੇ ਲੇਖੇ ਲਾ ਦਿੰਦੇ ਹਨ, ਕੀ ਸਰਕਾਰ ਉਨ੍ਹਾਂ ਦੇ ਬੁਢਾਪੇ ਦੀ ਜ਼ਿੰਮੇਵਾਰੀ ਨਹੀਂ ਲੈ ਸਕਦੀ?

ਇਸ ਸਵਾਲ ਤੋਂ ਭੱਜਿਆ ਨਹੀਂ ਜਾ ਸਕਦਾ।

ਮੁਲਾਜ਼ਮਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ।

ਉਸਨੂੰ ਸੁਣਨਾ ਹੀ ਪਵੇਗਾ ਅਤੇ ਹੁਣ ਜਵਾਬ ਵੀ ਦੇਣਾ ਪਵੇਗਾ।










RE/MAX
EXECUTIVE

## ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

# Kirandeep Kaur

**Realtor ®** CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

GHUMAN
LAW GROUP INC.

# Ghuman Law Group
## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਵਿਕਾਸ ਤੋਂ ਵਿਨਾਸ਼ ਵੱਲ ਨੂੰ ਵਧਦਾ ਮਨੁੱਖ



ਬਰਜਿੰਦਰ ਕੌਰ ਬਿਸਰਾਓ
99889-01324

ਅੱਜ ਵਿਗਿਆਨ ਅਤੇ ਟੈਕਨਾਲੋਜੀ ਦਾ ਯੁੱਗ ਹੈ। ਮਨੁੱਖ ਨੇ ਆਪਣੀ ਅਕਲ, ਮਿਹਨਤ ਅਤੇ ਵਿਗਿਆਨ ਦੇ ਬਲਬੂਤੇ ਤੇ ਬਹੁਤ ਅਦਭੁਤ ਤਰੱਕੀ ਕੀਤੀ ਹੈ। ਉੱਚੀਆਂ ਇਮਾਰਤਾਂ, ਚੌੜੀਆਂ ਸੜਕਾਂ, ਵੱਡੇ ਵੱਡੇ ਬੰਨ੍ਹ, ਉਦਯੋਗ, ਤੇਜ਼ ਰਫ਼ਤਾਰ ਆਵਾਜਾਈ ਅਤੇ ਹੋਰ ਅਨੇਕਾਂ ਕਾਢਾਂ ਕਾਰਨ ਮਨੁੱਖ ਨੇ ਆਧੁਨਿਕ ਟੈਕਨੋਲੋਜੀ ਦੀ ਵਰਤੋਂ ਕਰਕੇ ਜੀਵਨ ਨੂੰ ਸੁਖਾ਼ਲਾ ਬਣਾਇਆ ਹੈ। ਪਰ ਇੱਕ ਗੰਭੀਰ ਸਵਾਲ ਸਾਡੇ ਸਾਹਮਣੇ ਖੜ੍ਹਾ ਹੋ ਗਿਆ ਹੈ ਕਿ ਇਹ ਵਿਕਾਸ ਸੱਚਮੁੱਚ ਮਨੁੱਖ ਨੂੰ ਖੁਸ਼ਹਾਲੀ ਵੱਲ ਲੈ ਜਾ ਰਿਹਾ ਹੈ ਜਾਂ ਅਸੀਂ ਅਣਜਾਣੇ ਵਿੱਚ ਵਿਨਾਸ਼ ਦਾ ਰਾਹ ਤਿਆਰ ਕਰ ਰਹੇ ਹਾਂ?

ਕੁਦਰਤ ਨੇ ਮਨੁੱਖ ਨੂੰ ਜੀਵਨ ਲਈ ਲੋੜੀਂਦੇ ਸਾਰੇ ਸਾਧਨ ਦਿੱਤੇ ਸਨ, ਪਰ ਮਨੁੱਖ ਨੇ ਆਪਣੀਆਂ ਵਧਦੀਆਂ ਲੋੜਾਂ ਅਤੇ ਲਾਲਚ ਕਾਰਨ ਕੁਦਰਤੀ ਸੰਤੁਲਨ ਨਾਲ ਛੇੜਛਾੜ ਸ਼ੁਰੂ ਕਰ ਦਿੱਤੀ। ਜੰਗਲਾਂ ਦੀ ਕਟਾਈ, ਪਹਾੜਾਂ ਦੀ ਅੰਨ੍ਹੇਵਾਹ ਖੁਦਾਈ, ਦਰਿਆਵਾਂ ਦੇ ਕੁਦਰਤੀ ਵਹਾਅ ਵਿੱਚ ਦਖ਼ਲ, ਤੇਜ਼ੀ ਨਾ਼ਲ ਵਧ ਰਿਹਾ ਗੈਰ-ਯੋਜਨਾਬੱਧ ਸ਼ਹਿਰੀਕਰਨ ਅਤੇ ਵਾਤਾਵਰਨ ਪ੍ਰਦੂਸ਼ਣ ਨੇ ਕੁਦਰਤ ਦਾ ਸੰਤੁਲਨ ਵਿਗਾੜ ਦਿੱਤਾ ਹੈ। ਹਾਲ ਹੀ ਵਿੱਚ ਨੇਪਾਲ ਵਿੱਚ ਆਈ ਗਲੇਸ਼ੀਅਰ ਤ੍ਰਾਸਦੀ ਵੀ ਕਿਤੇ ਆਲਮੀ ਤਪਸ਼ ਦਾ ਨਤੀਜਾ ਤਾਂ ਨਹੀਂ ਹੈ? ਨੇਪਾਲ ਵਿੱਚ ਆਈ ਇਸ ਤ੍ਰਾਸਦੀ ਨੇ ਪੂਰੀ ਦੁਨੀਆ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਸ ਤੋਂ ਪਹਿਲਾਂ ਵੀ 2015 ਦਾ ਨੇਪਾਲ ਭੂਚਾਲ ਮਨੁੱਖੀ ਜੀਵਨ ਅਤੇ ਵਿਰਾਸਤ ਲਈ ਬਹੁਤ ਵੱਡੀ ਤਬਾਹੀ ਬਣਿਆ ਸੀ। ਹਜ਼ਾਰਾਂ ਲੋਕਾਂ ਦੀ ਜਾਨ ਚਲੀ ਗਈ ਸੀ, ਇਤਿਹਾਸਕ ਇਮਾਰਤਾਂ ਢਹਿ ਗਈਆਂ ਸਨ ਅਤੇ ਲੱਖਾਂ ਲੋਕ ਪ੍ਰਭਾਵਿਤ ਹੋਏ ਸਨ। ਜਿਵੇਂ ਹੁਣ ਨੇਪਾਲ ਵਿੱਚ 26 ਅਗਸਤ 2026 ਨੂੰ ਵਾਪਰਨ ਵਾ਼ਲੀ ਤ੍ਰਾਸਦੀ ਇੱਕ ਕੁਦਰਤੀ ਆਫ਼ਤ ਸੀ ਉਵੇਂ ਹੀ ਭੂਚਾਲ ਵਾ਼ਲੀ ਤ੍ਰਾਸਦੀ ਕੁਦਰਤੀ ਘਟਨਾ ਸੀ, ਪਰ ਇਹਨਾਂ ਤ੍ਰਾਸਦੀਆਂ ਨੇ ਇਹ ਵੀ ਸਵਾਲ ਖੜ੍ਹਾ ਕੀਤਾ ਕਿ ਪਹਾੜੀ ਖੇਤਰਾਂ ਵਿੱਚ ਨਿਰਮਾਣ ਅਤੇ ਕਮਜ਼ੋਰ ਇਮਾਰਤੀ ਢਾਂਚੇ ਆਫ਼ਤ ਦੇ ਪ੍ਰਭਾਵ ਨੂੰ ਕਿੰਨਾ ਵਧਾ ਸਕਦੇ ਹਨ। ਨੇਪਾਲ ਸਾਨੂੰ ਇਹ ਸਬਕ ਦਿੰਦਾ ਹੈ ਕਿ ਕੁਦਰਤ ਦੀ ਤਾਕਤ ਅੱਗੇ ਮਨੁੱਖ ਦੀ ਤਕਨੀਕੀ ਤਰੱਕੀ ਬਹੁਤ ਸੀਮਤ ਹੈ।

ਪੰਜਾਬ ਸਮੇਤ ਭਾਰਤ ਦੇ ਕਈ ਹਿੱਸਿਆਂ ਵਿੱਚ ਹੜ੍ਹਾਂ ਦਾ ਸੰਕਟ ਵਾਰ-ਵਾਰ ਸਾਹਮਣੇ ਆਉਂਦਾ ਰਹਿੰਦਾ ਹੈ। ਵਾਹੀ ਯੋਗ ਜ਼ਮੀਨਾਂ ਉੱਪਰ ਬੇਤਰਤੀਬ ਉਸਾਰੀ, ਦਰਿਆਵਾਂ ਅਤੇ ਨਾ਼ਲਿਆਂ ਦੇ ਕੁਦਰਤੀ ਰਸਤਿਆਂ 'ਤੇ ਕਬਜ਼ੇ, ਜੰਗਲਾਂ ਦੀ ਘਾਟ ਅਤੇ ਪਾਣੀ ਦੇ ਕੁਦਰਤੀ ਨਿਕਾਸ ਵਿੱਚ ਰੁਕਾਵਟਾਂ ਹੜ੍ਹਾਂ ਦੇ ਨੁਕਸਾਨ ਨੂੰ ਵਧਾ ਰਹੇ ਹਨ। ਜਦੋਂ ਅਸੀਂ ਦਰਿਆਵਾਂ ਦੇ ਕੰਢਿਆਂ ਅਤੇ ਕੁਦਰਤੀ ਜਲ-ਮਾਰਗਾਂ ਨੂੰ ਆਪਣੀ ਸਹੂਲਤ ਅਨੁਸਾਰ ਬਦਲਦੇ ਹਾਂ ਤਾਂ ਕੁਦਰਤ ਕਿਸੇ ਨਾ ਕਿਸੇ ਰੂਪ ਵਿੱਚ ਆਪਣਾ ਹੱਕ ਮੰਗਦੀ ਹੈ। ਜੇ ਅਸੀਂ ਦਰਿਆ ਨੂੰ ਰਸਤਾ ਨਹੀਂ ਦੇਵਾਂਗੇ ਤਾਂ ਪਾਣੀ ਆਪਣਾ ਰਸਤਾ ਆਪ ਬਣਾਏਗਾ। ਪਹਾੜਾਂ ਅਤੇ ਪਹਾੜੀ ਇਲਾਕਿਆਂ ਨਾ਼ਲ ਛੇੜਛਾੜ ਵੀ ਤਬਾਹੀ ਦਾ ਕਾਰਨ ਬਣ ਰਹੀ ਹੈ। ਹਿਮਾਲਿਆ ਵਰਗੇ ਨਾਜ਼ੁਕ ਪਹਾੜੀ ਖੇਤਰਾਂ ਵਿੱਚ ਸੜਕਾਂ, ਸੁਰੰਗਾਂ, ਬੰਨ੍ਹਾਂ ਅਤੇ ਹੋਰ ਪ੍ਰਾਜੈਕਟਾਂ ਦੀ ਲੋੜ ਨੇ ਆਪਣੀ ਥਾਂ ਲੈ ਲਈ ਹੈ, ਪਰ ਵਿਕਾਸ ਦੀ ਰਫ਼ਤਾਰ ਕੁਦਰਤ ਦੀ ਸਮਰੱਥਾ ਤੋਂ ਅੱਗੇ ਨਹੀਂ ਜਾਣੀ ਚਾਹੀਦੀ। ਪਹਾੜਾਂ ਦੀ ਬੇਤਹਾਸ਼ਾ ਕਟਾਈ ਅਤੇ ਵਾਤਾਵਰਨ ਦੇ ਪੱਖਾਂ ਨੂੰ ਨਜ਼ਰ ਅੰਦਾਜ਼ ਕਰਨਾ ਭੂ-ਖਿਸਲਨ ਅਤੇ ਹੋਰ ਖ਼ਤਰਿਆਂ ਨੂੰ ਵਧਾ ਰਿਹਾ ਹੈ। ਪਹਾੜੀ ਇਲਾਕਿਆਂ ਦੀਆਂ ਵੱਖ-ਵੱਖ ਕੁਦਰਤੀ ਆਫ਼ਤਾਂ ਜਿਵੇਂ ਬੇਤਹਾਸ਼ਾ ਬੱਦਲ ਫਟਣ ਦੀਆਂ ਘਟਨਾਵਾਂ ਸਾਨੂੰ ਵਾਰ-ਵਾਰ ਸੁਚੇਤ ਕਰਦੀਆਂ ਹਨ ਕਿ ਪਹਾੜਾਂ ਨੂੰ ਸਿਰਫ਼ ਵਿਕਾਸ ਲਈ ਵਰਤੀ ਜਾਣ ਵਾਲੀ ਜ਼ਮੀਨ ਨਹੀਂ, ਸਗੋਂ ਇੱਕ ਨਾਜ਼ੁਕ ਕੁਦਰਤੀ ਪ੍ਰਣਾਲੀ ਸਮਝਣ ਦੀ ਲੋੜ ਹੈ। ਵਿਕਾਸ ਦਰ ਐਨੀ ਤੇਜ਼ੀ ਨਾ਼ਲ ਵਧ ਰਹੀ ਹੈ ਕਿ ਪਹਾੜਾਂ ਦੀ ਕਟਾਈ ਜਾਂ ਸੜਕਾਂ ਬਣਾਉਣ ਤੱਕ ਸੀਮਤ ਨਹੀਂ ਹੈ ਸਗੋਂ ਇਸ ਉੱਤੇ ਵਧਦੀ ਹੋਈ ਆਵਾਜਾਈ ਤੇ ਆਵਾਜਾਈ ਦੇ ਸਾਧਨਾਂ ਵਿੱਚੋਂ ਨਿਕਲਣ ਵਾ਼ਲੀਆਂ ਜ਼ਹਿਰੀਲੀਆਂ ਗੈਸਾਂ ਠੰਡੇ ਪਹਾੜੀ ਸਫ਼ਰ ਨੂੰ ਆਲਮੀ ਤਪਸ਼ ਦੀ ਲਪੇਟ ਵਿੱਚ ਲੈ ਰਹੀਆਂ ਹਨ। ਇਸੇ ਤਰ੍ਹਾਂ ਦੁਨੀਆ ਦੇ ਕਈ ਦੇਸ਼ਾਂ ਵਿੱਚ ਜੰਗਲਾਂ ਦੀਆਂ ਭਿਆਨਕ ਅੱਗਾਂ ਨੇ ਵੱਡੇ ਖੇਤਰ ਪ੍ਰਭਾਵਿਤ ਕੀਤੇ ਹਨ। ਜੰਗਲ ਸਿਰਫ਼ ਦਰੱਖਤਾਂ ਦਾ ਸਮੂਹ ਨਹੀਂ ਹੁੰਦੇ; ਇਹ ਮੀਂਹ, ਹਵਾ, ਮਿੱਟੀ, ਪਾਣੀ ਅਤੇ ਜੀਵ-ਜੰਤੂਆਂ ਦੇ ਸੰਤੁਲਨ ਦਾ ਆਧਾਰ ਵੀ ਹੁੰਦੇ ਹਨ। ਵਾਤਾਵਰਨ ਵਿੱਚ ਵਧ ਰਹੀਆਂ ਗ੍ਰੀਨਹਾਊਸ ਗੈਸਾਂ ਕਾਰਨ ਧਰਤੀ ਦਾ ਤਾਪਮਾਨ ਤੇਜ਼ੀ ਨਾ਼ਲ ਵਧ ਰਿਹਾ ਹੈ। ਇਸ ਦਾ ਨਤੀਜਾ ਲੂ ਵਗਣਾ,ਗਰਮੀ ਦੀਆਂ ਲਹਿਰਾਂ , ਅਨਿਯਮਿਤ ਮੀਂਹ, ਸੋਕਾ, ਹੜ੍ਹ ਅਤੇ ਹੋਰ ਅਤਿਅੰਤ ਮੌਸਮੀ ਘਟਨਾਵਾਂ ਦੇ ਰੂਪ ਵਿੱਚ ਸਾਹਮਣੇ ਆ ਰਿਹਾ ਹੈ। ਇਸ ਵਾਰ ਯੂਰਪ ਵਿੱਚ ਆਈਆਂ ਗਰਮ ਲਹਿਰਾਂ ਨੇ ਸਾਰਾ ਜੀਵਨ ਅਸਥ ਵਿਅਸਥ ਕਰ ਦਿੱਤਾ ਜੋ ਆਲਮੀ ਤਪਸ਼ ਦੇ ਨਤੀਜੇ ਦੀ ਬਹੁਤ ਵੱਡੀ ਉਦਾਹਰਣ ਹੈ। ਸਮੁੰਦਰਾਂ ਦਾ ਵਧਦਾ ਪੱਧਰ ਅਤੇ ਪਿਘਲਦੇ ਗਲੇਸ਼ੀਅਰ ਹਿਮਾਲਿਆ ਦੇ ਗਲੇਸ਼ੀਅਰਾਂ ਦਾ ਪਿਘਲਣਾ ਸਿਰਫ਼ ਪਹਾੜੀ ਖੇਤਰਾਂ ਦੀ ਸਮੱਸਿਆ ਨਾ ਰਹਿ ਕੇ ਮੈਦਾਨੀ ਇਲਾਕਿਆਂ ਨੂੰ ਵੀ ਪ੍ਰਭਾਵਿਤ ਕਰਦੀ ਹੈ। ਦੂਜੇ ਪਾਸੇ ਸਮੁੰਦਰਾਂ ਦਾ ਪੱਧਰ ਵਧਣਾ ਤੱਟੀ ਇਲਾਕਿਆਂ ਲਈ ਚਿੰਤਾ ਦਾ ਵਿਸ਼ਾ ਬਣਦਾ ਜਾ ਰਿਹਾ ਹੈ।

ਇਹ ਤੇਜ਼ੀ ਨਾਲ ਹੋ ਰਿਹਾ ਜਲਵਾਯੂ ਪਰਿਵਰਤਨ ਹੁਣ ਕਿਸੇ ਇੱਕ ਦੇਸ਼ ਜਾਂ ਮਹਾਂਦੀਪ ਦੀ ਸਮੱਸਿਆ ਨਹੀਂ ਰਹੀ ਹੈ। ਇਹ ਪੂਰੀ ਮਨੁੱਖਤਾ ਲਈ ਇੱਕ ਸਾਂਝੀ ਚੁਣੌਤੀ ਬਣ ਚੁੱਕਿਆ ਹੈ। ਸਾਰੀਆਂ ਆਫ਼ਤਾਂ ਚਾਹੇ ਵੇਖਣ ਨੂੰ ਕੁਦਰਤੀ ਲੱਗਦੀਆਂ ਹਨ ਪਰ ਕਿਤੇ ਨਾ ਕਿਤੇ ਮਨੁੱਖ ਇਸ ਸਭ ਲਈ ਜ਼ਿੰਮੇਵਾਰ ਬਣਦਾ ਜਾ ਰਿਹਾ ਹੈ। ਭੂਚਾਲ, ਤੂਫ਼ਾਨ, ਸੁਨਾਮੀ, ਬੱਦਲ ਫਟਣਾ ਜਾਂ ਜਵਾਲਾਮੁਖੀ ਵਰਗੀਆਂ ਘਟਨਾਵਾਂ ਨੂੰ ਮਨੁੱਖ ਪੂਰੀ ਤਰ੍ਹਾਂ ਰੋਕ ਨਹੀਂ ਸਕਦਾ। ਪਰ ਉਨ੍ਹਾਂ ਨਾਲ ਹੋਣ ਵਾਲੇ ਨੁਕਸਾਨ ਨੂੰ ਕਾਫ਼ੀ ਹੱਦ ਤੱਕ ਘਟਾਇਆ ਜਾ ਸਕਦਾ ਹੈ। ਇਸ ਲਈ ਸਵਾਲ ਇਹ ਨਹੀਂ ਕਿ ਵਿਕਾਸ ਹੋਵੇ ਜਾਂ ਨਾ ਹੋਵੇ, ਸਵਾਲ ਇਹ ਹੈ ਕਿ ਵਿਕਾਸ ਕਿਸ ਕੀਮਤ ਤੱਕ ਸੀਮਤ ਹੋਵੇ?

ਜੇਕਰ ਇੱਕ ਸੜਕ ਬਣਾਉਣ ਲਈ ਪਹਾੜ ਦਾ ਸੰਤੁਲਨ ਵਿਗੜਦਾ ਹੈ, ਸੁਰੰਗਾਂ ਬਣਾਉਣ ਲਈ ਪਹਾੜਾਂ ਦੀ ਮਜ਼ਬੂਤੀ ਤੇ ਫ਼ਰਕ ਪੈਂਦਾ ਹੈ,ਇੱਕ ਸ਼ਹਿਰ ਵਸਾਉਣ ਲਈ ਕੁਦਰਤੀ ਜੰਗਲ,ਵਾਹੀ ਯੋਗ ਜ਼ਮੀਨਾਂ ਅਤੇ ਜਲ-ਮਾਰਗ ਖ਼ਤਮ ਕੀਤੇ ਜਾਂਦੇ ਹਨ ਜਾਂ ਉਦਯੋਗਿਕ ਤਰੱਕੀ ਦੇ ਨਾਂ 'ਤੇ ਹਵਾ, ਪਾਣੀ ਅਤੇ ਮਿੱਟੀ ਨੂੰ ਪ੍ਰਦੂਸ਼ਿਤ ਕੀਤਾ ਜਾਂਦਾ ਹੈ, ਤਾਂ ਅਜਿਹੇ ਵਿਕਾਸ 'ਤੇ ਮੁੜ ਵਿਚਾਰ ਕਰਨਾ ਲਾਜ਼ਮੀ ਹੈ। ਇਸ ਲਈ ਮਨੁੱਖ ਨੂੰ ਹੁਣ ਇਹ ਸਮਝਣਾ ਪਵੇਗਾ ਕਿ ਕੁਦਰਤ ਨਾਲ ਜੰਗ ਜਿੱਤਣਾ ਸੰਭਵ ਨਹੀਂ ਹੈ। ਮਨੁੱਖ ਨੂੰ ਸੋਚਣਾ ਪਵੇਗਾ ਕਿ ਕੁਦਰਤ ਨੂੰ ਹਰਾਉਣਾ ਨਹੀਂ ਸਗੋਂ ਉਸ ਨਾਲ ਤਾਲਮੇਲ ਬਣਾਉਣਾ ਜ਼ਰੂਰੀ ਹੈ।

ਵੱਧ ਤੋਂ ਵੱਧ ਰੁੱਖ ਲਗਾਉਣੇ, ਜੰਗਲਾਂ ਦੀ ਰੱਖਿਆ ਕਰਨੀ, ਦਰਿਆਵਾਂ ਅਤੇ ਜਲ ਸ੍ਰੋਤਾਂ ਤੇ ਜਲ ਮਾਰਗਾਂ ਨੂੰ ਬਚਾਉਣਾ, ਪਹਾੜੀ ਖੇਤਰਾਂ ਵਿੱਚ ਵਿਗਿਆਨਕ ਅਤੇ ਸੀਮਤ ਨਿਰਮਾਣ ਕਰਨਾ, ਸਾਫ਼ ਊਰਜਾ ਨੂੰ ਉਤਸ਼ਾਹਿਤ ਕਰਨਾ ਅਤੇ ਸ਼ਹਿਰਾਂ ਦੀ ਯੋਜਨਾ ਕੁਦਰਤੀ ਹਾਲਾਤਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਉਣਾ ਸਮੇਂ ਦੀ ਲੋੜ ਹੈ। ਵਿਕਾਸ ਉਹ ਨਹੀਂ ਜੋ ਸਿਰਫ਼ ਅੱਜ ਦੀਆਂ ਲੋੜਾਂ ਪੂਰੀਆਂ ਕਰੇ ਸਗੋਂ ਵਿਕਾਸ ਉਹ ਹੈ ਜੋ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਵੀ ਸੁਰੱਖਿਅਤ ਰੱਖੇ।

ਅੱਜ ਮਨੁੱਖ ਕੋਲ ਵਿਗਿਆਨ ਹੈ, ਟੈਕਨੋਲੋਜੀ ਹੈ ਅਤੇ ਅਕਲ ਹੈ। ਹੁਣ ਲੋੜ ਸਿਰਫ਼ ਸਹੀ ਫ਼ੈਸਲੇ ਦੀ ਹੈ। ਜੇ ਅਸੀਂ ਕੁਦਰਤ ਦੀਆਂ ਚੇਤਾਵਨੀਆਂ ਨੂੰ ਅਣਸੁਣਿਆ ਕਰਦੇ ਰਹੇ ਤਾਂ ਵਿਕਾਸ ਦੀਆਂ ਉੱਚੀਆਂ ਇਮਾਰਤਾਂ ਦੇ ਵਿਚਕਾਰ ਜੀਵਨ ਦਾ ਆਧਾਰ ਹੀ ਕਮਜ਼ੋਰ ਹੋ ਸਕਦਾ ਹੈ।

ਨੇਪਾਲ ਤ੍ਰਾਸਦੀ, ਯੂਰਪ ਵਿੱਚ ਆਈਆਂ ਗਰਮ ਲਹਿਰਾਂ ਅਤੇ ਲਗਾਤਾਰ ਬੱਦ਼ਲ ਫਟਣ ਦੀਆਂ ਘਟਨਾਵਾਂ ਵਿੱਚ ਵਾਧਾ ਹੋਣਾ ਮਨੁੱਖ ਦੇ ਵਿਕਾਸ ਦੀ ਦੌੜ ਤੇ ਪ੍ਰਸ਼ਨ ਚਿੰਨ੍ਹ ਖੜ੍ਹੇ ਕਰਦਾ ਹੈ। ਕੁਦਰਤ ਨਾਲ ਤਾਲਮੇਲ ਬਣਾ ਕੇ ਕੀਤਾ ਹੋਇਆ ਵਿਕਾਸ ਹੀ ਅਸਲ ਵਿਕਾਸ ਹੈ, ਨਹੀਂ ਤਾਂ ਵਿਕਾਸ ਦੀ ਇਹ ਦੌੜ ਮਨੁੱਖ ਨੂੰ ਤੇਜ਼ੀ ਨਾ਼ਲ ਵਿਨਾਸ਼ ਦੀ ਮੰਜ਼ਿਲ ਤੱਕ ਲੈ ਜਾ ਰਹੀ ਹੈ।

Now Open New Banquet Hall in Sacramento
For more info: Contact Paul : (916)334-6000



# JK TYRE INC

## JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI · MICHELIN A better way forward · BRIDGESTONE · Firestone · YOKOHAMA · PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

**2955 N. Wilson Way Stockton , CA 95205**


ਕਈ ਵੀਰਾਂ ਦੇ
LICENSE CANCEL
ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।
ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ
ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ
Green Card ਨਹੀਂ ਹੈ | I-485 Application ਅਜੇ Pending ਹੈ।
Ghuman Law Group ਤੁਹਾਡੇ ਨਾਲ ਹੈ
ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :
Green Card Case ਨੂੰ ਜਲਦੀ ਹੱਲ ਕਰਨ ਵਿੱਚ
CDL ਅਤੇ ਕੰਮ ਨੂੰ ਬਚਾਉਣ ਲਈ Legal Guidance
Deportation ਜਾਂ Immigration Detention Cases ਵਿੱਚ Legal Advice
Appeals ਅਤੇ Immigration Process ਵਿੱਚ ਸਹਾਇਤਾ
Estate Planning ਰਾਹੀਂ Property ਅਤੇ Assets ਨੂੰ safe ਕਰਨ ਵਿੱਚ ਮਦਦ
ਤੁਹਾਡੇ ਪਰਿਵਾਰ ਦੇ ਭਵਿੱਖ ਨੂੰ Secure ਬਣਾਉਣ ਵਿੱਚ ਸਹਾਇਤਾ
GHUMAN LAW GROUP INC.
Criminal Defense, Family and Immigration Law
Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ
ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)
Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner


SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551

# ਹੇਰਵਾ

ਟਾਹਣੀ ਨਾਲੋਂ ਟੁੱਟਕੇ ਫੁੱਲ ਮੁਰਝਾ ਜਾਂਦਾ ਹੈ।
ਆਪਣਿਆਂ ਦਾ ਹੇਰਵਾ ਰੂਹ ਨੂੰ ਖਾ ਜਾਂਦਾ ਹੈ।
ਚਿੰਨ੍ਹ ਸਵਾਲੀਆ ਮਿੱਤਰਤਾ ਤੇ ਲੱਗ ਜਾਂਦਾ,
ਮਿੱਤਰ ਜਦ ਕੋਈ ਮਿੱਤਰ ਮਾਰ ਮੁਕਾ ਜਾਂਦਾ ਹੈ।
ਦਾਦ ਉਦੋਂ ਬਣਦੀ ਹੈ ਦੇਣੀ ਜਿਗਰੇ ਨੂੰ,
ਹੱਥੀਂ ਪੁੱਟਕੇ ਜਦ ਕੋਈ ਨਹਿਰ ਬਣਾ ਜਾਂਦਾ ਹੈ।
ਜਿਉਂਦੇ ਜੀ ਹੀ ਮਾਪੇ ਉਹ ਤਾਂ ਮਰ ਜਾਂਦੇ ਨੇ,
ਬਿਰਧ ਆਸ਼ਰਮ ਜਦ ਕੋਈ ਪੁੱਤ ਬਿਠਾ ਜਾਂਦਾ ਹੈ।
ਜਿਸਦੇ ਪੈਰਾਂ ਥੱਲੇ ਤਲੀਆਂ ਧਰੀਆਂ ਹੋਵਣ,
ਦੁੱਖ ਹੁੰਦਾ ਜਦ ਉਹ ਵੀ ਮੁੱਖ ਵਟਾ ਜਾਂਦਾ ਹੈ।
ਹੱਸਦੇ-ਵੱਸਦੇ ਘਰ ਵੀ ਉੱਜੜ ਜਾਂਦੇ ਨੇ,
ਫੁੱਟ ਬੇਗਾਨਾ ਜਦ ਭਾਈਆਂ ਵਿੱਚ ਪਾ ਜਾਂਦਾ ਹੈ।
ਵੱਡੇ ਮਹਿਲ ਵੀ ਵਾਸਾ ਬਣਦੇ ਉੱਲੂਆਂ ਦਾ,
ਜਦ ਕੋਈ 'ਨਾਗਰਾ' ਪੱਕਾ ਤਾਲ਼ਾ ਲਾ ਜਾਂਦਾ ਹੈ।

SANJHI SOCH
ਜਸਪਾਲ ਸਿੰਘ ਨਾਗਰਾ 'ਮਹਿੰਦ ਪੁਰੀ'
ਯੂਬਾ ਸਿਟੀ ਕੈਲੀਫੋਰਨੀਆ (ਅਮਰੀਕਾ)
ਫੋਨ +13604481989



# ਇੱਕ ਅਰਦਾਸ

ਪੰਜਾਬੀਆਂ ਦੇ ਦਿਲਾਂ 'ਤੇ ਸਦਾ,
ਚੜ੍ਹਿਆ ਰਵੇ ਮਲਾਰ ਪੰਜਾਬੀ ਦਾ।
ਇਹ ਤਰਿੰਝਣਾਂ ਵਿੱਚ ਸਦਾ ਹੱਸਦੀ ਰਵੇ,
ਆਵੇ ਸਦਾ ਛਣਕਾਰ ਪੰਜਾਬੀ ਦਾ।
ਸੱਤ ਹਜ਼ਾਰ ਭਾਸ਼ਾਵਾਂ ਦੀ ਹੈ ਰਾਣੀ,
ਬਣਿਆ ਰਵੇ ਮਿਆਰ ਪੰਜਾਬੀ ਦਾ।
ਅਸਮਾਨਾਂ 'ਤੇ ਉਡਾਰੀਆਂ ਮਾਰੇ ਸਦਾ,
ਉੱਚਾ ਰਵੇ ਮੁਨਾਰ ਪੰਜਾਬੀ ਦਾ।
ਇਹ ਮਹਿਕੇ ਸਦਾ ਮਹਿਕਾਉਂਦੀ ਰਵੇ,
ਖਿੜਿਆ ਰਵੇ ਗੁਲਜ਼ਾਰ ਪੰਜਾਬੀ ਦਾ।
ਬਾਬੇ ਨਾਨਕ ਕਿਹਾ ਸੀ ਨਾਮ ਵਾਂਗੂੰ,
ਕਦੇ ਲੱਥੂ ਨਹੀਂ ਖੁਮਾਰ ਪੰਜਾਬੀ ਦਾ।
ਗੁਰੂ ਗ੍ਰੰਥ ਸਜਾ ਗੁਰੂ ਅਰਜਨ ਦੇਵ,
ਵਧਾਇਆ ਸਤਿਕਾਰ ਪੰਜਾਬੀ ਦਾ।
ਮਾਵਾਂ ਦੀਆਂ ਮਿੱਠੀਆਂ ਲੋਰੀਆਂ 'ਚ,
ਸਦਾ ਝਲਕੇ ਪਿਆਰ ਪੰਜਾਬੀ ਦਾ।
ਦੁਨੀਆ ਵਾਲਿਓ "ਜ਼ਖ਼ਮੀ" ਨੂੰ ਜਾਂਦੀ ਵਾਰ,
ਕਰਵਾ ਦੇਣਾਂ ਦੀਦਾਰ ਪੰਜਾਬੀ ਦਾ।

**ਧਿਆਨ ਸਿੰਘ "ਜ਼ਖ਼ਮੀ"**
**ਪੀਰਮੁਛੈਲਾ, ਜੀਰਕਪੁਰ**

LARRY T. NIERMEYER
Attorney at Law

OFFERING SERVICES IN THE FOLLOWING AREAS
1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation


PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ
ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights



LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US

**(510) 797-9010**

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA